ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

International Daily Newspaper & WEB TV

(ਯੂ. ਕੇ. ਤੋਂ ਪ੍ਰਕਾਸ਼ਿਤ)

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 14 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੩੧ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

# ਜਸਵੰਤ ਸਿੰਘ ਖਾਲੜਾ: ਅਰਦਾਸ ਸਮਾਗਮ 14 ਜੁਲਾਈ ਨੂੰ ਹਰੀਕੇ ਪੱਤਣ ਵਿਖੇ

## ਬੀਬੀ ਪਰਮਜੀਤ ਕੌਰ ਖਾਲੜਾ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅੱਗੇ ਰੱਖੀਆਂ 3 ਮੰਗਾਂ



ਅੰਮ੍ਰਿਤਸਰ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)- 14 ਜੁਲਾਈ ਨੂੰ ਹਰੀਕੇ ਪੱਤਣ ਵਿਖੇ ਹੋਣ ਵਾਲੇ ਅਰਦਾਸ ਸਮਾਗਮ ਤੋਂ ਪਹਿਲਾਂ ਪਰਮਜੀਤ ਕੌਰ ਖਾਲੜਾ ਨੇ ਇੱਕ ਲਿਖਤੀ ਸੰਦੇਸ਼ ਰਾਹੀਂ ਅਪੀਲ ਕੀਤੀ ਹੈ। ਬੀਬੀ ਪਰਮਜੀਤ ਕੌਰ ਖਾਲੜਾ ਨੇ ਪੰਜਾਬ, ਸਿੱਖ ਭਾਈਚਾਰੇ ਅਤੇ ਦੁਨੀਆ ਭਰ ਦੇ ਉਹਨਾਂ ਲੋਕਾਂ ਨੂੰ ਅਪੀਲ ਕੀਤੀ ਹੈ ਜੋ ਇਨਸਾਫ ਅਤੇ ਮਨੁੱਖੀ ਅਧਿਕਾਰਾਂ ਵਿੱਚ ਵਿਸ਼ਵਾਸ ਰੱਖਦੇ ਹਨ ਕਿ ਉਹ ਇਸ ਮੌਕੇ 'ਤੇ ਇਕੱਠੇ ਹੋ ਕੇ ਪੀੜਤ ਪਰਿਵਾਰਾਂ ਦੇ ਨਾਲ ਖੜ੍ਹਨ। ਉਨ੍ਹਾਂ ਕਿਹਾ ਕਿ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ 'ਤੇ ਹੋਈ ਫੌਜੀ ਕਾਰਵਾਈ, ਨਵੰਬਰ 1984 ਦੇ ਸਿੱਖ ਵਿਰੋਧੀ ਦੰਗਿਆਂ ਅਤੇ ਉਸ ਤੋਂ ਬਾਅਦ ਦੇ ਸਾਲਾਂ ਦੌਰਾਨ ਪੰਜਾਬ ਵਿੱਚ ਕਥਿਤ ਤੌਰ 'ਤੇ ਹੋਈਆਂ ਗੁੰਮਸ਼ੁਦਗੀਆਂ, ਲਾਵਾਰਿਸ ਲਾਸ਼ਾਂ, ਤਸ਼ੱਦਦ ਅਤੇ ਜਾਅਲੀ ਪੁਲਿਸ ਮੁਕਾਬਲਿਆਂ ਵਰਗੇ ਮਾਮਲਿਆਂ ਬਾਰੇ ਅੱਜ ਵੀ ਕਈ ਸਵਾਲਾਂ ਦੇ ਜਵਾਬ ਨਹੀਂ ਮਿਲੇ। ਉਨ੍ਹਾਂ ਦੇ ਅਨੁਸਾਰ ਇਨ੍ਹਾਂ ਘਟਨਾਵਾਂ ਨਾਲ ਜੁੜੇ ਪੀੜਤ ਪਰਿਵਾਰ ਲੰਬੇ ਸਮੇਂ ਤੋਂ ਇਨਸਾਫ ਅਤੇ ਜਵਾਬਦੇਹੀ ਦੀ ਮੰਗ ਕਰ ਰਹੇ ਹਨ।



ਉਨ੍ਹਾਂ ਕਿਹਾ ਕਿ 1980 ਤੇ 1990 ਦੇ ਦਹਾਕੇ ਦੌਰਾਨ ਕਥਿਤ ਲਾਪਤਾ ਲੋਕਾਂ, ਲਾਵਾਰਿਸ ਐਲਾਨੀਆਂ ਗਈਆਂ ਲਾਸ਼ਾਂ ਅਤੇ ਕਥਿਤ ਝੂਠੇ ਪੁਲਿਸ ਮੁਕਾਬਲਿਆਂ 'ਚ ਮਾਰੇ ਗਏ ਵਿਅਕਤੀਆਂ ਦੀ ਅਸਲ ਗਿਣਤੀ ਦਾ ਪਤਾ ਲਗਾਉਣ ਲਈ ਇੱਕ ਲੋਕ ਕਮਿਸ਼ਨ ਗਠਿਤ ਕੀਤਾ ਜਾਣਾ ਚਾਹੀਦਾ ਹੈ। ਜਸਵੰਤ ਸਿੰਘ ਖਾਲੜਾ ਨੇ ਆਪਣੀ ਮੁਹਿੰਮ ਦੌਰਾਨ ਜਿਨ੍ਹਾਂ ਅਣਪਛਾਤੀਆਂ ਲਾਸ਼ਾਂ ਦੀ ਪਛਾਣ ਕੀਤੀ ਸੀ, ਉਨ੍ਹਾਂ ਨੂੰ ਕੇਂਦਰੀ ਸਿੱਖ ਅਜਾਇਬ ਘਰ ਦੇ ਅੰਦਰ ਸਤਿਕਾਰਯੋਗ ਸਥਾਨ ਦਿੱਤਾ ਜਾਣਾ ਚਾਹੀਦਾ ਹੈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਨੂੰ ਪੀੜਤ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨੀ ਚਾਹੀਦੀ ਹੈ।

### ਸਰਕਾਰਾਂ ਪੀੜਤਾਂ ਨੂੰ ਇਨਸਾਫ ਦਿਵਾਉਣ ਵਿੱਚ ਨਾਕਾਮ ਰਹੀਆਂ

**ਸੰਦੇਸ਼ ਵਿੱਚ ਇਹ ਵੀ ਆਰੋਪ ਲਗਾਇਆ ਗਿਆ** ਹੈ ਕਿ ਵੱਖ-ਵੱਖ ਸਮਿਆਂ ਵਿੱਚ ਸੱਤਾ ਵਿੱਚ ਰਹੀਆਂ ਸਰਕਾਰਾਂ ਪੀੜਤਾਂ ਨੂੰ ਇਨਸਾਫ ਦਿਵਾਉਣ ਵਿੱਚ ਨਾਕਾਮ ਰਹੀਆਂ। ਨਾਲ ਹੀ ਇਹ ਵੀ ਕਿਹਾ ਗਿਆ ਕਿ ਕੁਝ ਮਾਮਲਿਆਂ ਵਿੱਚ ਆਰੋਪੀ ਅਧਿਕਾਰੀਆਂ ਨੂੰ ਸੁਰੱਖਿਆ ਅਤੇ ਅਹਿਮ ਅਹੁਦੇ ਦਿੱਤੇ ਗਏ, ਜਦਕਿ ਪ੍ਰਭਾਵਿਤ ਪਰਿਵਾਰਾਂ ਨੂੰ ਕਾਨੂੰਨੀ ਅਤੇ ਸਮਾਜਿਕ ਸੰਘਰਸ਼ ਦਾ ਸਾਹਮਣਾ ਕਰਨਾ ਪਿਆ। ਅੰਤ ਵਿੱਚ ਉਨ੍ਹਾਂ ਕਿਹਾ ਕਿ ਇਨਸਾਫ ਕਿਸੇ ਇੱਕ ਰਾਜਨੀਤਿਕ ਪਾਰਟੀ ਦਾ ਨਹੀਂ, ਸਗੋਂ ਪੂਰੇ ਸਮਾਜ ਦਾ ਮੁੱਦਾ ਹੈ। ਇਸ ਲਈ ਇਸ ਮਸਲੇ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਦੇਖਿਆ ਜਾਵੇ ਅਤੇ ਸੱਚ, ਜਵਾਬਦੇਹੀ ਅਤੇ ਇਨਸਾਫ ਨੂੰ ਯਕੀਨੀ ਬਣਾਉਣ ਲਈ ਸਾਰੇ ਪੱਖ ਮਿਲ ਕੇ ਯਤਨ ਕਰਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਸੰਗਤ, ਪੀੜਤ ਪਰਿਵਾਰਾਂ, ਮਨੁੱਖੀ ਅਧਿਕਾਰ ਕਾਰਕੁਨਾਂ ਤੇ ਆਮ ਜਨਤਾ ਨੂੰ 14 ਜੁਲਾਈ ਨੂੰ ਸ਼ਾਮ 6 ਵਜੇ ਹਰੀਕੇ ਪੱਤਣ ਵਿਖੇ ਹੋਣ ਵਾਲੇ ਅਰਦਾਸ ਸਮਾਗਮ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।



## ਪੰਜ ਪੰਥਕ ਜਥੇਬੰਦੀਆਂ ਵੱਲੋਂ 14 ਜੁਲਾਈ ਨੂੰ ਗ੍ਰਹਿ ਮੰਤਰੀ ਦੇ ਨਾਮ ਦਿਤਾ ਜਾਵੇਗਾ ਮੰਗ ਪੱਤਰ: ਗਿਆਨੀ ਹਰਪ੍ਰੀਤ ਸਿੰਘ

ਚੰਡੀਗੜ੍ਹ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਦੱਸਿਆ ਕਿ ਦਿਨ ਮੰਗਲਵਾਰ ਮਿਤੀ 14 ਜੁਲਾਈ ਨੂੰ ਸੂਬੇ ਭਰ ਵਿੱਚ ਦੇਸ਼ ਦੇ ਗ੍ਰਹਿ ਮੰਤਰੀ ਦੇ ਨਾਂ 'ਤੇ ਸਾਡੀਆਂ ਪੰਜ ਪੰਥਕ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਡਿਪਟੀ ਕਮਿਸ਼ਨਰਾਂ ਰਾਹੀਂ ਕੇਂਦਰੀ ਗ੍ਰਹਿ ਮੰਤਰੀ ਦੇ ਨਾਮ ਮੰਗ ਪੱਤਰ ਦਿੱਤੇ ਜਾਣਗੇ। ਇਹਨਾਂ ਮੰਗ ਪੱਤਰਾਂ ਚ ਹੇਠ ਲਿਖੇ ਤਿੰਨ ਮੁੱਦਿਆ ਤੇ ਕਾਰਵਾਈ ਕਰਨ ਲਈ ਲਿਖਿਆ ਜਾਵੇਗਾ। ਜਿੰਨਾਂ ਵਿੱਚ- 1. ਸ਼ਹੀਦ ਸ ਜਸਵੰਤ ਸਿੰਘ ਖਾਲੜਾ ਦੇ ਜੀਵਨ ਸੰਘਰਸ਼ 'ਤੇ ਆਧਾਰਿਤ ਫਿਲਮ 'ਪੰਜਾਬ 95' ਨੂੰ ਉਸੇ ਨਾਮ ਹੇਠ ਬਿਨਾਂ ਕਿਸੇ ਸੈਂਸਰ ਕੱਟ ਤੋਂ ਸਿਨੇਮਾਂ ਘਰਾਂ ਵਿੱਚ ਰਿਲੀਜ ਕੀਤਾ ਜਾਵੇ। 2. ਸ ਜਸਵੰਤ ਸਿੰਘ ਖਾਲੜਾ ਦੇ ਕਤਲ ਕੇਸ ਵਿੱਚ ਸਜਾ-ਜਾਫਤਾ ਮੁਜਰਿਮ ਡੀ.ਐਸ.ਪੀ ਜਸਪਾਲ ਸਿੰਘ ਅਤੇ ਉਸਦੇ ਸਾਥੀ ਜੋ ਲੰਬੇ ਸਮੇਂ ਤੋਂ, ਜੇਲ੍ਹ 'ਚੋਂ ਛੁੱਟੀ ਆਉਣ ਤੋਂ ਬਾਦ, ਫਰਾਰ ਦੱਸੇ ਜਾ ਰਹੇ ਹਨ। ਇਹ ਵੀ ਦੋਸ਼ ਲਗਾਇਆ ਜਾ ਰਿਹਾ ਹੈ ਕਿ ਪੰਜਾਬ ਦੀ ਸਰਕਾਰ ਨੇ ਉਹਨਾਂ ਦੀ ਸਜਾ ਮਾਫੀ ਦੀ ਸਿਫਾਰਸ਼ ਵੀ ਕੀਤੀ ਸੀ। ਇਸ ਸਾਰੇ ਮਾਮਲੇ ਦੀ ਪੜਤਾਲ ਕਰਵਾ ਕੇ, ਮੁਜਰਿਮਾਂ ਨੂੰ ਲੱਭ ਕੇ ਸਲਾਖਾਂ ਪਿੱਛੇ ਪਹੁੰਚਾਇਆ ਜਾਵੇ ਅਤੇ ਸਜਾ ਮਾਫੀ ਦੀਆਂ ਸਿਫਾਰਸ਼ਾਂ ਕਰਨ ਵਾਲਿਆਂ ਨੂੰ ਨਸ਼ਰ ਕੀਤਾ ਜਾਵੇ। 3. ਅਸੀਂ ਸਮੂਹ ਸਿੱਖਾਂ ਦੀਆਂ ਨੁਮਾਇੰਦਾ ਜਥੇਬੰਦੀਆਂ ਹੋਣ ਦੇ ਨਾਤੇ ਭਾਰਤ ਸਰਕਾਰ ਤੋਂ ਪੁਰਜੋਰ ਮੰਗ ਕਰਦੇ ਹਾਂ ਕਿ 1982 ਦੇ ਧਰਮਯੁੱਧ ਮੋਰਚੇ ਦੀ ਸ਼ੁਰੂਆਤ ਤੋਂ ਲੈ ਕੇ 1995 ਵਿੱਚ ਸ ਜਸਵੰਤ ਸਿੰਘ ਖਾਲੜਾ ਦੇ ਲਾਪਤਾ ਹੋਣ ਤੱਕ ਦੇ ਸਮੇਂ ਵਿੱਚ ਵਾਪਰੇ ਘਟਨਾਕ੍ਰਮ ਦੀ ਜਾਂਚ ਲਈ ਇਕ 'ਪੰਜਾਬ ਸੱਚ, ਜਵਾਬਦੇਹੀ ਅਤੇ ਮੇਲ-ਮਿਲਾਪ ਕਮਿਸ਼ਨ' (Punjab Truth, Accountability & Reconciliation Commission) ਬਣਾਇਆ ਜਾਵੇ। ਜੋ ਤੱਥਾਂ 'ਤੇ ਅਧਾਰਿਤ ਰਿਪੋਰਟ ਲੋਕਾਂ ਸਾਹਮਣੇ ਰੱਖੇ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਵੇਲੇ ਬਣੇ ਹਾਲਾਤ ਵਿੱਚ ਇਹ ਤਿੰਨੇ ਮੁੱਦੇ ਬਹੁਤ ਹੀ ਮਹੱਤਵਪੂਰਨ ਬਣੇ ਹੋਏ ਹਨ। ਅਸੀਂ ਇਸ ਸਾਰੇ ਵਰਤਾਰੇ ਦੀ ਨਿਰਪੱਖ ਕਮਿਸ਼ਨ ਰਾਹੀਂ ਜਾਂਚ ਦੀ ਮੰਗ ਇਸ ਲਈ ਕਰ ਰਹੇ ਹਾਂ ਕਿਉਂਕਿ ਸੁਲਗਦੇ ਜਖਮਾਂ ਦੀ ਤਪਸ਼ ਨੂੰ ਸ਼ਾਂਤ ਕਰਨ ਲਈ ਉਸ ਸਾਰੇ ਘਟਨਾਕ੍ਰਮ ਦੇ ਕਾਰਨਾਂ ਅਤੇ ਦੋਸ਼ੀਆਂ ਨੂੰ ਲੋਕਾਂ ਸਾਹਮਣੇ ਲਿਆਂਦਾ ਜਾਣਾ ਬਹੁਤ ਜਰੂਰੀ ਹੈ। ਇਹ ਮੰਗ ਪੱਤਰ ਦੇਣ ਲਈ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਨਾਲ ਦੂਜੀਆਂ ਪੰਥਕ ਜਥੇਬੰਦੀਆਂ, ਜਿੰਨਾ ਵਿੱਚ ਯੂਨਾਈਟਡ ਅਕਾਲੀ ਦਲ, ਇੰਟਰਨੈਸ਼ਨਲ ਪੰਥਕ ਦਲ, ਬੇਗਮਪੁਰਾ ਖਾਲਸਾ ਰਾਜ ਪਾਰਟੀ ਅਤੇ ਪੰਥਕ ਆਜਾਦ ਗਰੁੱਪ ਸ਼ਾਮਲ ਹਨ। ਪ੍ਰੈੱਸ ਨੂੰ ਇਹ ਜਾਣਕਾਰੀ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਦਿੱਤੀ ਗਈ।



## ਥਾਈਲੈਂਡ ਦੀ ਰਾਜਧਾਨੀ ਬੈਂਕਾਕ 'ਚ ਭਿਆਨਕ ਹਾਦਸਾ

## ਪੱਬ 'ਚ ਅੱਗ ਲੱਗਣ ਨਾਲ 27 ਲੋਕਾਂ ਦੀ ਮੌਤ, 60 ਜ਼ਖ਼ਮੀ



ਬੈਂਕਾਕ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)-ਥਾਈਲੈਂਡ ਦੀ ਰਾਜਧਾਨੀ ਬੈਂਕਾਕ ਵਿੱਚ ਸੋਮਵਾਰ (13 ਜੁਲਾਈ) ਸਵੇਰੇ ਇੱਕ ਭਿਆਨਕ ਹਾਦਸਾ ਵਾਪਰਿਆ। ਇੱਕ ਪੱਬ ਵਿੱਚ ਅੱਗ ਲੱਗਣ ਕਾਰਨ 27 ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ 60 ਹੋਰ ਗੰਭੀਰ ਹਾਲਤ ਵਿੱਚ ਹਨ ਅਤੇ ਜਿਨ੍ਹਾਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਸ਼ਹਿਰ ਦੇ ਉੱਤਰੀ ਹਿੱਸੇ ਵਿੱਚ ਇੱਕ ਪੱਬ ਵਿੱਚ ਅੱਗ ਲੱਗੀ। ਅੱਗ ਹੌਲੀ-ਹੌਲੀ ਪੂਰੀ ਇਮਾਰਤ ਵਿੱਚ ਫੈਲ ਗਈ, ਜਿਸ ਕਾਰਨ ਪੱਬ ਅਤੇ ਹੋਰ ਖੇਤਰਾਂ ਵਿੱਚ ਦਹਿਸ਼ਤ ਫੈਲ ਗਈ। ਹਾਦਸੇ ਦੀ ਜਾਣਕਾਰੀ ਮਿਲਣ ਤੋਂ ਤੁਰੰਤ ਬਾਅਦ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚੀਆਂ। ਥਾਈਲੈਂਡ ਦੇ ਪ੍ਰਧਾਨ ਮੰਤਰੀ ਅਨੁਤਿਨ ਚਰਨਵੀਰਕੁਲ ਨੇ ਘਟਨਾ ਬਾਰੇ ਪਤਾ ਲੱਗਣ ਤੋਂ ਬਾਅਦ ਪੱਬ ਦਾ ਦੌਰਾ ਕੀਤਾ ਅਤੇ ਹਸਪਤਾਲ ਵਿੱਚ ਭਰਤੀ ਲੋਕਾਂ ਨਾਲ ਗੱਲਬਾਤ ਕੀਤੀ। ਦਿ ਗਾਰਡੀਅਨ ਦੇ ਅਨੁਸਾਰ, ਪ੍ਰਧਾਨ ਮੰਤਰੀ ਚਰਨਵੀਰਕੁਲ ਨੇ ਕਿਹਾ, "ਅੱਗ ਲੱਗਣ ਤੋਂ ਬਾਅਦ ਪੱਬ ਵਿੱਚ ਤੇਜ਼ੀ ਨਾਲ ਧੂੰਆਂ ਭਰ ਗਿਆ, ਜਿਸ ਕਾਰਨ ਬਹੁਤ ਸਾਰੇ ਲੋਕਾਂ ਨੂੰ ਆਪਣੀ ਜਾਨ ਬਚਾਉਣ ਲਈ ਪੱਬ ਦੇ ਪਿਛਲੇ ਪਾਸੇ ਬਾਥਰੂਮਾਂ ਵੱਲ ਭੱਜਣਾ ਪਿਆ। ਅਸੀਂ 27 ਲਾਸ਼ਾਂ ਬਰਾਮਦ ਕੀਤੀਆਂ ਹਨ; ਬਾਕੀ ਲੋਕਾਂ ਨੂੰ ਹਸਪਤਾਲ ਲਿਜਾਇਆ ਜਾ ਰਿਹਾ ਹੈ। ਬੈਂਕਾਕ ਮੈਟਰੋਪੋਲੀਟਨ ਪ੍ਰਸ਼ਾਸਨ ਦੇ ਇੱਕ ਅਧਿਕਾਰੀ ਸੂਰੀਆਚਾਈ ਨੇ ਕਿਹਾ ਕਿ ਇਸ ਘਟਨਾ ਵਿੱਚ ਜ਼ਖਮੀ ਹੋਏ 63 ਹੋਰ ਲੋਕਾਂ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਬੈਂਕਾਕ ਦੇ ਗਵਰਨਰ ਚੈਡਚਾਰਟ ਸਿਟੀਪੁੰਟ ਨੇ ਕਿਹਾ ਕਿ ਜ਼ਖਮੀਆਂ ਅਤੇ ਹਸਪਤਾਲ ਵਿੱਚ ਭਰਤੀ ਕੀਤੇ ਗਏ ਬਹੁਤ ਸਾਰੇ ਲੋਕਾਂ ਦੀ ਹਾਲਤ ਗੰਭੀਰ ਹੈ।

## ਹਰਿਮੰਦਰ ਸਾਹਿਬ ਦੇ ਬਾਹਰ ਹੋਇਆ ਹੰਗਾਮਾ

## ਆਪਸ ਵਿੱਚ ਭਿੜੀਆਂ ਦੋ ਭੈਣਾਂ, ਮੱਥਾ ਟੇਕਣ ਤੋਂ ਪਹਿਲਾਂ ਹੋਈਆਂ ਥੱਪੜੋ-ਥੱਪੜੀ

ਅੰਮ੍ਰਿਤਸਰ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)- ਅੰਮ੍ਰਿਤਸਰ ਦੇ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਆਈਆਂ ਦੋ ਭੈਣਾਂ ਆਪਸ ਵਿੱਚ ਭਿੜ ਗਈਆਂ। ਇਸ ਦੌਰਾਨ ਇੱਕ ਨੇ ਗੁੱਸੇ ਵਿੱਚ ਆ ਕੇ ਦੂਜੀ ਨੂੰ ਥੱਪੜ ਮਾਰ ਦਿੱਤੇ। ਨਾਲ ਹੀ ਭੀੜ ਇਕੱਠੀ ਹੋ ਗਈ, ਅਤੇ ਲੋਕਾਂ ਨੇ ਬਚਾਅ ਕਰਕੇ ਉਨ੍ਹਾਂ ਨੂੰ ਰੋਕਿਆ। ਹੰਗਾਮਾ ਅਤੇ ਭੀੜ ਨੂੰ ਦੇਖ ਕੇ, ਥੱਪੜ ਮਾਰਨ ਵਾਲੀ ਭੈਣ ਉੱਥੋਂ ਭੱਜ ਗਈ। ਇਸਦੀ ਇੱਕ ਵੀਡੀਓ ਸਾਹਮਣੇ ਆਈ ਹੈ। ਪੁਲਿਸ ਨੇ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਉਹ ਵੀਡੀਓ ਵਿੱਚ ਦਿਖਾਈ ਦੇ ਰਹੇ ਲੋਕਾਂ ਦੀ ਪਛਾਣ ਕਰਨ ਅਤੇ ਪੁੱਛਗਿੱਛ ਕਰਨ ਦੀ ਤਿਆਰੀ ਕਰ ਰਹੀ ਹੈ। ਵੀਡੀਓ ਵਿੱਚ, ਸਭ ਤੋਂ ਪਹਿਲਾਂ ਟੀ-ਸ਼ਰਟਾਂ ਵਾਲੀਆਂ ਕੁੜੀਆਂ ਅਚਾਨਕ ਪੀਲੇ ਸੂਟ ਵਾਲੀ ਕੁੜੀ 'ਤੇ ਝਪਟ ਪੈਂਦੀਆਂ ਹਨ, ਉਸਨੂੰ ਮਾਰਨ ਦੇ ਇਰਾਦੇ ਨਾਲ, ਅਤੇ ਉਸਨੂੰ ਦੋ ਜਾਂ ਤਿੰਨ ਵਾਰ ਥੱਪੜ ਮਾਰਦੀਆਂ ਹਨ। ਥੱਪੜ ਮਾਰਨ ਤੋਂ ਬਾਅਦ, ਪੀਲੇ ਸੂਟ ਵਾਲੀ ਕੁੜੀ ਬਦਲਾ ਲੈਣ ਲਈ ਉਨ੍ਹਾਂ ਵੱਲ ਭੱਜਦੀ ਹੈ, ਪਰ ਉੱਥੇ ਮੌਜੂਦ ਇੱਕ ਮੁੰਡਾ ਬਚਾਅ ਕਰਦਾ ਹੈ। ਮੁੰਡਾ ਪੀਲੇ ਸੂਟ ਵਾਲੀ ਕੁੜੀ ਨੂੰ ਕਾਫ਼ੀ ਦੇਰ ਫੜੀ ਰੱਖਦਾ ਹੈ। ਜਿਸ ਕੁੜੀ ਨੇ ਉਸ 'ਤੇ ਹਮਲਾ ਕੀਤਾ ਸੀ ਉਹ ਫਿਰ ਉੱਥੋਂ ਭੱਜਣ ਲੱਗ ਪੈਂਦੀ ਹੈ, ਪਰ ਪੀਲੇ ਸੂਟ ਵਾਲੀ ਕੁੜੀ ਮੌਕਾ ਮਿਲਦੇ ਹੀ ਆਪਣੇ ਆਪ ਨੂੰ ਛੁਡਾ ਲੈਂਦੀ ਹੈ ਅਤੇ ਦੁਬਾਰਾ ਉਸਦੇ ਪਿੱਛੇ ਭੱਜਦੀ ਹੈ। ਉੱਥੇ ਮੌਜੂਦ ਲੋਕਾਂ ਨੇ ਉਨ੍ਹਾਂ ਨੂੰ ਝਿੜਕਿਆ, ਜਿਸ ਤੋਂ ਬਾਅਦ ਉਹ ਸ਼ਾਂਤ ਹੋ ਗਏ। ਪੁਲਿਸ ਜਾਂਚ ਅਨੁਸਾਰ, ਇਹ ਘਟਨਾ ਸ੍ਰੀ ਹਰਿਮੰਦਰ ਸਾਹਿਬ ਦੇ ਘੰਟਾਘਰ ਗੇਟ ਦੇ ਸਾਹਮਣੇ ਸਥਿਤ ਫੁਹਾਰੇ ਦੇ ਨੇੜੇ ਵਾਪਰੀ। ਇਹ ਘਟਨਾ ਸ਼ਨੀਵਾਰ ਸ਼ਾਮ 6 ਵਜੇ ਦੇ ਕਰੀਬ ਵਾਪਰੀ। ਦੋਵੇਂ ਕੁੜੀਆਂ ਅੰਮ੍ਰਿਤਸਰ ਦੀਆਂ ਰਹਿਣ ਵਾਲੀਆਂ ਹਨ। ਉਹ ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਣ ਲਈ ਇਕੱਠੀਆਂ ਆਈਆਂ ਸਨ। ਹਾਲਾਂਕਿ, ਗੇਟ ਦੇ ਨੇੜੇ ਉਨ੍ਹਾਂ ਵਿਚਕਾਰ ਝਗੜਾ ਹੋ ਗਿਆ। ਕੋਤਵਾਲੀ ਪੁਲਿਸ ਸਟੇਸ਼ਨ ਦੇ ਐਸਐਚਓ ਹਰਮਨਜੀਤ ਸਿੰਘ ਨੇ ਦੱਸਿਆ ਕਿ ਲੜਾਈ ਵਿੱਚ ਸ਼ਾਮਲ ਦੋਵੇਂ ਕੁੜੀਆਂ ਨਾਬਾਲਗ ਸਨ। ਉਹ ਹਰਿਮੰਦਰ ਸਾਹਿਬ ਮੱਥਾ ਟੇਕਣ ਆਈਆਂ ਸਨ। ਉਨ੍ਹਾਂ ਵਿਚਕਾਰ ਕਿਸੇ ਗੱਲ ਨੂੰ ਲੈ ਕੇ ਬਹਿਸ ਹੋ ਗਈ, ਜੋ ਜਲਦੀ ਹੀ ਸਰੀਰਕ ਝਗੜੇ ਵਿੱਚ ਬਦਲ ਗਈ।






ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ

# ਮਹਾਨ ਸ਼ਹੀਦੀ ਸਮਾਗਮ

## 24 ਤੋਂ 26 ਜੁਲਾਈ 2026

**ਅਰੰਭ**
ਸ੍ਰੀ ਅਖੰਡਪਾਠ ਸਾਹਿਬ
**24 ਜੁਲਾਈ 2026**

**ਭੋਗ**
ਸ੍ਰੀ ਅਖੰਡਪਾਠ ਸਾਹਿਬ
**26 ਜੁਲਾਈ 2026**

### ਸ਼ਹੀਦ ਸਿੰਘਾਂ ਦੀ ਯਾਦ ਵਿੱਚ

- ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
- ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
- ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
- ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ

### ਸ਼ਹੀਦੀ ਸਮਾਗਮ


ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।

**ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।**

## ਸਿੱਖ ਫੈਡਰੇਸ਼ਨ, ਯੂ. ਕੇ.

ਪਰਮਿੰਦਰ ਸਿੰਘ ਬੱਲ — ਪ੍ਰਧਾਨ | ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ | ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ

ਟੈਲੀਫੋਨ: 07771608 363 | ਈ-ਮੇਲ: PSBAL46@gmail.com








ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ ਕੌਮ AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

# ਇੱਕ ਨਜ਼ਰ ...



## ਤਰਕਸ਼ੀਲ ਸੁਸਾਇਟੀ ਪੰਜਾਬ ਦੀ ਕਾਲਾਂਵਾਲੀ ਇਕਾਈ ਦੀ ਵਿਸ਼ੇਸ਼ ਮੀਟਿੰਗ, ਵਿਗਿਆਨਕ ਚੇਤਨਾ ਦੇ ਪ੍ਰਚਾਰ ਨੂੰ ਹੋਰ ਤੇਜ਼ ਕਰਨ ਦਾ ਸੱਦਾ

ਤਲਵੰਡੀ ਸਾਬੋ, 13 ਜੁਲਾਈ (ਗੁਰਜੰਟ ਸਿੰਘ ਨੈਥੇਹਾ)-ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਦੀ ਇਕਾਈ ਕਾਲਾਂਵਾਲੀ ਦੀ ਇੱਕ ਵਿਸ਼ੇਸ਼ ਮੀਟਿੰਗ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ, ਕਾਲਾਂਵਾਲੀ ਵਿਖੇ ਇਕਾਈ ਦੇ ਪ੍ਰਧਾਨ ਮਾਸਟਰ ਸ਼ਮਸ਼ੇਰ ਚੋਰਮਾਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਦੇ ਸੂਬਾਈ ਆਗੂ ਅਤੇ ਤਰਕਸ਼ੀਲ ਮੈਗਜ਼ੀਨ ਦੇ ਸੰਪਾਦਕ ਰਾਜਪਾਲ ਸਿੰਘ ਅਤੇ ਬਠਿੰਡਾ ਜ਼ੋਨ ਦੇ ਮੁੱਖੀ ਸਾਥੀ ਬਲਰਾਜ ਮੌੜ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਸੂਬਾ ਕਮੇਟੀ ਵੱਲੋਂ ਇਕਾਈਆਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਨ ਅਤੇ ਭਵਿੱਖੀ ਕਾਰਜ-ਯੋਜਨਾ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਸੱਦੀ ਗਈ ਸੀ। ਇਸ ਦੌਰਾਨ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆਵਾਂ ਦੇ ਵਿਸਥਾਰ, ਤਰਕਸ਼ੀਲ ਮੈਗਜ਼ੀਨ ਅਤੇ ਤਰਕਸ਼ੀਲ ਸਾਹਿਤ ਦੇ ਪ੍ਰਚਾਰ-ਪ੍ਰਸਾਰ, ਨਿਯਮਤ ਮੀਟਿੰਗਾਂ, ਵਿਚਾਰ-ਗੋਸ਼ਟੀਆਂ, ਸੈਮੀਨਾਰਾਂ, ਲੋਕਾਂ ਵਿੱਚ ਵਿਗਿਆਨਕ ਸੋਚ ਅਤੇ ਤਰਕਸ਼ੀਲ ਦ੍ਰਿਸ਼ਟੀਕੋਣ ਨੂੰ ਮਜ਼ਬੂਤ ਕਰਨ ਅਤੇ ਸੋਸ਼ਲ ਮੀਡੀਆ ਦੀ ਸੁਚੱਜੀ ਵਰਤੋਂ ਵਰਗੇ ਵਿਸ਼ਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਸੂਬਾਈ ਆਗੂ ਰਾਜਪਾਲ ਸਿੰਘ ਨੇ ਸੁਸਾਇਟੀ ਦੇ ਐਲਾਨਨਾਮੇ ਅਤੇ ਵਿਧਾਨ ਦੀ ਵਿਆਖਿਆ ਕਰਦਿਆਂ ਕਿਹਾ ਕਿ ਅਜੋਕੇ ਸਮੇਂ ਵਿੱਚ ਅੰਧਵਿਸ਼ਵਾਸ, ਪਾਖੰਡ ਅਤੇ ਗੈਰ-ਵਿਗਿਆਨਕ ਧਾਰਨਾਵਾਂ ਦੇ ਵਧਦੇ ਪ੍ਰਭਾਵ ਨੂੰ ਰੋਕਣ ਲਈ ਹੁਣ ਹੋਰ ਵੀ ਜ਼ਿਆਦਾ ਵਿਗਿਆਨਕ ਚੇਤਨਾ ਦਾ ਪ੍ਰਸਾਰ ਬਹੁਤ ਵੱਡੀ ਜ਼ਰੂਰਤ ਹੈ। ਉਨ੍ਹਾਂ ਇਕਾਈ ਨੂੰ ਹੋਰ ਸਰਗਰਮ ਬਣਾਉਣ, ਨੌਜਵਾਨਾਂ ਨੂੰ ਸੁਸਾਇਟੀ ਨਾਲ ਜੋੜਨ ਅਤੇ ਤਰਕਸ਼ੀਲ ਮੈਗਜ਼ੀਨ ਨੂੰ ਵੱਧ ਤੋਂ ਵੱਧ ਪਾਠਕਾਂ ਤੱਕ ਪਹੁੰਚਾਉਣ ਲਈ ਯੋਜਨਾਬੱਧ ਢੰਗ ਨਾਲ ਕੰਮ ਕਰਨ ਦਾ ਸੱਦਾ ਦਿੱਤਾ। ਬਠਿੰਡਾ ਜ਼ੋਨ ਦੇ ਮੁੱਖੀ ਸਾਥੀ ਬਲਰਾਜ ਮੌੜ ਨੇ ਕਿਹਾ ਕਿ ਸੰਗਠਨ ਦੀ ਮਜ਼ਬੂਤੀ ਲਗਾਤਾਰ ਸਰਗਰਮੀਆਂ ਅਤੇ ਲੋਕਾਂ ਨਾਲ ਨਿਰੰਤਰ ਸੰਪਰਕ ਰਾਹੀਂ ਹੀ ਸੰਭਵ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਸੂਬਾ ਕਮੇਟੀ ਵੱਲੋਂ ਕਾਲਾਂਵਾਲੀ ਇਕਾਈ ਨੂੰ ਹਰ ਪੱਧਰ 'ਤੇ ਪੂਰਾ ਸਹਿਯੋਗ ਦਿੱਤਾ ਜਾਵੇਗਾ। ਮੀਟਿੰਗ ਵਿੱਚ ਮਾਸਟਰ ਗੁਰਤੇਜ ਸਿੰਘ, ਮਾਸਟਰ ਸੁਰਿੰਦਰਪਾਲ ਸਿੰਘ, ਮਾਸਟਰ ਭਗਵਾਨ ਦਾਸ, ਮਾਸਟਰ ਜਗਦੀਸ ਸਿੰਘਪੁਰਾ, ਮਾਸਟਰ ਅਜਾਇਬ ਜਲਾਲਆਣਾ, ਮਾਸਟਰ ਸ਼ਮਸ਼ੇਰ ਸਿੰਘ ਚੋਰਮਾਰ, ਮਾਸਟਰ ਮੁਲਖ ਸਿੰਘ ਪਿਪਲੀ, ਭੁਪਿੰਦਰ ਪਟਵਾਰੀ ਲੱਕੜਾਂਵਾਲੀ, ਕਾਮਰੇਡ ਬਚਿੱਤਰ ਸਿੰਘ ਮਿਠੜੀ, ਸਮਾਜਸੇਵੀ ਜਸਵੰਤ ਪੈਂਟਾ ਅਤੇ ਕਾਮਰੇਡ ਬਲਜੀਤ ਬਿੱਟੂ ਮਲਿਕਪੁਰਾ ਸਮੇਤ ਇਕਾਈ ਦੇ ਹੋਰ ਮੈਂਬਰ ਵੀ ਹਾਜ਼ਰ ਸਨ।

## ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਯੂਥ ਵਿੰਗ ਨੂੰ ਵੱਡਾ ਹੁਲਾਰਾ, 7 ਜ਼ਿਲ੍ਹਿਆਂ ਦੇ ਯੂਥ ਪ੍ਰਧਾਨ ਨਿਯੁਕਤ

### ਨੌਜਵਾਨ ਸ਼ਕਤੀ ਨੂੰ ਜਥੇਬੰਦ ਕਰਕੇ ਪੰਥ ਤੇ ਪੰਜਾਬ ਦੇ ਹੱਕਾਂ ਦੀ ਲੜਾਈ ਹੋਰ ਮਜ਼ਬੂਤ ਕਰੇਗਾ ਯੂਥ ਵਿੰਗ

ਅੰਮ੍ਰਿਤਸਰ 13 ਜੁਲਾਈ (ਆਵਾਜ਼ਿ ਕੌਮ ਬਿਊਰੋ)- ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਪੰਜਾਬ ਦੀ ਨੌਜਵਾਨ ਸ਼ਕਤੀ ਨੂੰ ਪੰਥ ਤੇ ਪੰਜਾਬ ਦੇ ਹੱਕਾਂ ਲਈ ਲਾਮਬੰਦ ਕਰਨ ਦੀ ਮੁਹਿੰਮ ਤਹਿਤ ਬੀਤੀ ਦੇਰ ਰਾਤ ਯੂਥ ਵਿੰਗ ਵਿੱਚ ਵੱਡੀਆਂ ਨਿਯੁਕਤੀਆਂ ਦਾ ਐਲਾਨ ਕੀਤਾ ਗਿਆ ਹੈ। ਪਾਰਟੀ ਦੀ ਸੀਨੀਅਰ ਲੀਡਰਸ਼ਿਪ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਯੂਥ ਪ੍ਰਧਾਨ ਭਾਈ ਸੁਖਦੇਵ ਸਿੰਘ ਕਾਦੀਆਂ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਲਈ 8 ਯੂਥ ਪ੍ਰਧਾਨ ਨਿਯੁਕਤ ਕੀਤੇ ਗਏ ਹਨ। ਪਾਰਟੀ ਦੇ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਂਝੀ ਕੀਤੀ ਗਈ ਕਿ ਇਨ੍ਹਾਂ ਨਿਯੁਕਤੀਆਂ ਤਹਿਤ ਜੁਗਰਾਜ ਸਿੰਘ ਉਦੋਨੰਗਲ ਨੂੰ ਅੰਮ੍ਰਿਤਸਰ ਦਿਹਾਤੀ-1, ਗੁਰਵਿੰਦਰ ਸਿੰਘ ਝੰਡੇਰ ਨੂੰ ਅੰਮ੍ਰਿਤਸਰ ਦਿਹਾਤੀ-2, ਪ੍ਰਭਜੋਤ ਸਿੰਘ ਨੂੰ ਗੁਰਦਾਸਪੁਰ, ਗੁਰਤੇਜ ਸਿੰਘ ਨੂੰ ਬਟਾਲਾ, ਸ. ਕਰਮਜੀਤ ਸਿੰਘ ਨੂੰ ਪਠਾਨਕੋਟ, ਹਰਜਿੰਦਰ ਸਿੰਘ ਦੇਸੂ ਮਾਜਰਾ ਨੂੰ ਮੋਹਾਲੀ, ਸ. ਨਰਿੰਦਰ ਸਿੰਘ ਨੂੰ ਪਟਿਆਲਾ ਅਤੇ ਸਤਨਾਮ ਸਿੰਘ ਲੋਪੋ ਨੂੰ ਮੋਗਾ ਜ਼ਿਲ੍ਹੇ ਦਾ ਯੂਥ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਕੀਤੀਆਂ ਗਈਆਂ ਇਨ੍ਹਾਂ ਨਿਯੁਕਤੀਆਂ ਸਬੰਧੀ ਬਕਾਇਦਾ ਪਾਰਟੀ ਦੇ ਲੈਟਰ ਹੈੱਡ ਉੱਪਰ ਮੁੱਖ ਦਫ਼ਤਰ ਸਕੱਤਰ ਭਾਈ ਪ੍ਰਗਟ ਸਿੰਘ ਮੀਆਂਵਿੰਡ ਦੇ ਦਸਤਖ਼ਤਾਂ ਹੇਠ ਨਿਯੁਕਤੀ ਪੱਤਰ ਜਾਰੀ ਕੀਤਾ ਗਿਆ। ਪਾਰਟੀ ਵੱਲੋਂ ਕਿਹਾ ਗਿਆ ਕਿ ਪੰਜਾਬ ਦਾ ਨੌਜਵਾਨ ਅੱਜ ਨਸ਼ਿਆਂ, ਬੇਰੁਜ਼ਗਾਰੀ, ਪਰਵਾਸ ਅਤੇ ਸਰਕਾਰੀ ਬੇਰੁਖ਼ੀ ਵਰਗੀਆਂ ਗੰਭੀਰ ਚੁਣੌਤੀਆਂ ਨਾਲ ਜੂਝ ਰਿਹਾ ਹੈ। ਅਜਿਹੇ ਸਮੇਂ ਨੌਜਵਾਨਾਂ ਨੂੰ ਸਿਰਫ਼ ਸਿਆਸੀ ਭੀੜ ਵਜੋਂ ਵਰਤਣ ਦੀ ਬਜਾਏ ਉਨ੍ਹਾਂ ਨੂੰ ਜ਼ਿੰਮੇਵਾਰੀਆਂ ਸੌਂਪ ਕੇ ਪੰਥ ਅਤੇ ਪੰਜਾਬ ਦੀ ਸੇਵਾ ਲਈ ਅੱਗੇ ਲਿਆਉਣਾ ਸਮੇਂ ਦੀ ਵੱਡੀ ਲੋੜ ਹੈ। ਪਾਰਟੀ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਯੂਥ ਵਿੰਗ ਪੰਜਾਬ ਦੀ ਧਰਤੀ, ਪਾਣੀਆਂ, ਪੰਜਾਬੀ ਬੋਲੀ, ਸਿੱਖੀ ਸਰੂਪ ਅਤੇ ਪੰਥਕ ਹੱਕਾਂ ਦੀ ਰਾਖੀ ਲਈ ਇੱਕ ਮਜ਼ਬੂਤ ਜਥੇਬੰਦਕ ਤਾਕਤ ਵਜੋਂ ਉੱਭਰੇਗਾ। ਆਉਣ ਵਾਲੇ ਸਮੇਂ ਵਿੱਚ ਪਿੰਡ, ਵਾਰਡ ਅਤੇ ਹਲਕਾ ਪੱਧਰ ਤੱਕ ਨੌਜਵਾਨਾਂ ਨੂੰ ਜਥੇਬੰਦ ਕਰਕੇ ਯੂਥ ਵਿੰਗ ਦਾ ਵਿਸਥਾਰ ਹੋਰ ਤੇਜ਼ ਕੀਤਾ ਜਾਵੇਗਾ। ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੇ ਸਮੂਹ ਨਵ-ਨਿਯੁਕਤ ਯੂਥ ਪ੍ਰਧਾਨਾਂ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਪੰਥਕ ਜਜ਼ਬੇ ਨਾਲ ਨਿਭਾਉਂਦਿਆਂ ਨੌਜਵਾਨਾਂ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਝੰਡੇ ਹੇਠ ਇਕਜੁੱਟ ਕਰਨ ਲਈ ਦਿਨ-ਰਾਤ ਮਿਹਨਤ ਕਰਨਗੇ।




ਅਕਾਲੀ ਦਲ ਵਾਰਿਸ ਪੰਜਾਬ ਦੇ
AKALI DAL WARIS PUNJAB DE

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

## ਨਿਊਜ਼ੀਲੈਂਡ ਦੀ ਧਰਤੀ ਤੋਂ ਸਿੱਖ ਵਿਰਾਸਤ ਨੂੰ ਵਿਸ਼ਵ ਸਨਮਾਨ

# ਪ੍ਰਧਾਨ ਮੰਤਰੀ ਮੋਦੀ ਦਾ ਕੂਟਨੀਤੀ, ਡਾਇਸਪੋਰਾ ਅਤੇ ਵਿਸ਼ਵ ਪੱਧਰ 'ਤੇ ਸਿੱਖ ਪਛਾਣ ਬਾਰੇ ਢੁਕਵਾਂ ਸੰਦੇਸ਼



ਜਦੋਂ ਦੁਨੀਆ ਨਫ਼ਰਤ, ਧਾਰਮਿਕ ਅਸਹਿਣਸ਼ੀਲਤਾ ਅਤੇ ਟਕਰਾਵਾਂ ਨਾਲ ਜੂਝ ਰਹੀ ਹੈ, ਉਦੋਂ ਨਿਊਜ਼ੀਲੈਂਡ ਦੀ ਧਰਤੀ ਤੋਂ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ—ਸੇਵਾ, ਸਮਾਨਤਾ, ਸਾਹਸ ਅਤੇ ਸਰਬੱਤ ਦੇ ਭਲੇ—ਦਾ ਵਿਸ਼ਵ ਮੰਚ 'ਤੇ ਜ਼ਿਕਰ ਸਿਰਫ਼ ਇੱਕ ਰਾਜਨੀਤਿਕ ਬਿਆਨ ਨਹੀਂ, ਸਗੋਂ ਮਨੁੱਖਤਾ ਦੇ ਸਾਂਝੇ ਮੁੱਲਾਂ ਦੀ ਪੁਸ਼ਟੀ ਸੀ। ਇਸੇ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਜੁਲਾਈ 2026 ਦਾ ਨਿਊਜ਼ੀਲੈਂਡ ਦੌਰਾ ਇੱਕ ਸਧਾਰਨ ਕੂਟਨੀਤਕ ਫੇਰੀ ਤੋਂ ਅੱਗੇ ਵੱਧ ਕੇ ਸਭਿਆਚਾਰਕ, ਸਭਿਅਤਾਤਮਕ ਅਤੇ ਡਾਇਸਪੋਰਾ ਕੂਟਨੀਤੀ ਦਾ ਇੱਕ ਇਤਿਹਾਸਕ ਪਲ ਬਣ ਗਿਆ। ਇੱਕ ਪਾਸੇ ਇਸ ਫੇਰੀ ਨੇ ਭਾਰਤ ਅਤੇ ਨਿਊਜ਼ੀਲੈਂਡ ਦੇ ਸੰਬੰਧਾਂ ਨੂੰ 'ਰਣਨੀਤਿਕ ਭਾਈਵਾਲੀ' ਦੇ ਨਵੇਂ ਪੜਾਅ ਵਿੱਚ ਦਾਖ਼ਲ ਕੀਤਾ, ਤਾਂ ਦੂਜੇ ਪਾਸੇ ਆਕਲੈਂਡ ਦੀ ਧਰਤੀ ਤੋਂ ਸਿੱਖ ਵਿਰਾਸਤ, ਗੁਰੂਆਂ ਦੀਆਂ ਸਿੱਖਿਆਵਾਂ ਅਤੇ 'ਸਰਬੱਤ ਦੇ ਭਲੇ' ਦੇ ਸੰਦੇਸ਼ ਨੂੰ ਵਿਸ਼ਵ ਰਾਜਨੀਤੀ ਦੇ ਕੇਂਦਰ ਵਿੱਚ ਲਿਆ ਕੇ ਖੜ੍ਹਾ ਕਰ ਦਿੱਤਾ। ਇਹ ਕੇਵਲ ਦੋ ਦੇਸ਼ਾਂ ਦੇ ਸੰਬੰਧਾਂ ਦਾ ਵਿਸਥਾਰ ਨਹੀਂ ਸੀ, ਸਗੋਂ ਭਾਰਤ ਦੀ ਉਸ ਸਭਿਆਚਾਰਕ ਦ੍ਰਿਸ਼ਟੀਕੋਣ ਦਾ ਪ੍ਰਗਟਾਵਾ ਵੀ ਸੀ, ਜੋ ਆਪਣੀ ਆਰਥਿਕ ਅਤੇ ਰਣਨੀਤਿਕ ਤਾਕਤ ਦੇ ਨਾਲ-ਨਾਲ ਆਪਣੀ ਅਧਿਆਤਮਿਕ ਅਤੇ ਮਨੁੱਖਤਾਵਾਦੀ ਵਿਰਾਸਤ ਨੂੰ ਵੀ ਵਿਸ਼ਵ ਮੰਚ 'ਤੇ ਸਮਾਨ ਮਹੱਤਵ ਦੇਣਾ ਚਾਹੁੰਦੀ ਹੈ। ਇਸ ਫੇਰੀ ਦੌਰਾਨ ਭਾਰਤ ਅਤੇ ਨਿਊਜ਼ੀਲੈਂਡ ਨੇ ਰੱਖਿਆ, ਵਪਾਰ, ਸਮੁੰਦਰੀ ਸੁਰੱਖਿਆ, ਖੇਡਾਂ, ਪਸ਼ੂ ਪਾਲਣ ਅਤੇ ਅੱਤਵਾਦ ਵਿਰੋਧੀ ਸਹਿਯੋਗ ਸਮੇਤ 18 ਮਹੱਤਵਪੂਰਨ ਸਮਝੌਤਿਆਂ 'ਤੇ ਦਸਤਖ਼ਤ ਕੀਤੇ। ਦੋਵਾਂ ਦੇਸ਼ਾਂ ਨੇ ਸਾਲ 2030 ਤੱਕ ਦੁਵੱਲੇ ਵਪਾਰ ਨੂੰ 7 ਅਰਬ ਨਿਊਜ਼ੀਲੈਂਡ ਡਾਲਰ ਤੱਕ ਪਹੁੰਚਾਉਣ ਦਾ ਟੀਚਾ ਵੀ ਤੈਅ ਕੀਤਾ ਹੈ। ਇਹ ਪ੍ਰਾਪਤੀਆਂ ਭਾਰਤ ਦੀ ਵਧਦੀ ਆਰਥਿਕ ਅਤੇ ਰਣਨੀਤਿਕ ਸਮਰੱਥਾ ਦਾ ਪ੍ਰਤੀਕ ਹਨ, ਪਰ ਇਸ ਫੇਰੀ ਦਾ ਸਭ ਤੋਂ ਦੂਰਗਾਮੀ ਅਤੇ ਅਰਥਪੂਰਨ ਪੱਖ 11 ਜੁਲਾਈ 2026 ਨੂੰ ਆਕਲੈਂਡ ਦੇ ਸਪਾਰਕ ਐਰੇਨਾ ਵਿੱਚ ਹੋਏ "Kia Ora Modi" ਸਮਾਗਮ ਦੌਰਾਨ ਪ੍ਰਧਾਨ ਮੰਤਰੀ ਮੋਦੀ ਵੱਲੋਂ ਸਿੱਖ ਗੁਰੂਆਂ, ਸਿੱਖ ਇਤਿਹਾਸ ਅਤੇ ਸਿੱਖ ਕੌਮ ਦੇ ਵਿਸ਼ਵ-ਵਿਆਪੀ ਯੋਗਦਾਨ ਨੂੰ ਦਿੱਤਾ ਗਿਆ ਸਨਮਾਨ ਸੀ। ਇਹ ਸੰਦੇਸ਼ ਸਿੱਖ ਕੌਮ ਦੀ ਵਿਸ਼ਵ ਪੱਧਰੀ ਪਛਾਣ, ਭਾਰਤ ਦੀ ਡਾਇਸਪੋਰਾ ਕੂਟਨੀਤੀ, ਧਾਰਮਿਕ ਸਹਿਣਸ਼ੀਲਤਾ ਅਤੇ ਸਭਿਆਚਾਰਕ ਵਿਰਾਸਤ ਪ੍ਰਤੀ ਉਸ ਦੀ ਵਚਨਬੱਧਤਾ ਦਾ ਇੱਕ ਮਹੱਤਵਪੂਰਨ ਪ੍ਰਗਟਾਵਾ ਬਣ ਕੇ ਉੱਭਰਿਆ। ਅੱਜ ਦਾ ਭਾਰਤ ਆਪਣੀ ਆਰਥਿਕ ਸ਼ਕਤੀ ਦੇ ਨਾਲ-ਨਾਲ ਆਪਣੀ ਸਭਿਆਚਾਰਕ ਅਤੇ ਅਧਿਆਤਮਿਕ ਵਿਰਾਸਤ ਨੂੰ ਵੀ ਵਿਸ਼ਵ ਮੰਚ 'ਤੇ ਪੇਸ਼ ਕਰ ਰਿਹਾ ਹੈ। ਇਸੇ ਸੰਦਰਭ ਵਿੱਚ ਪ੍ਰਧਾਨ ਮੰਤਰੀ ਮੋਦੀ ਵੱਲੋਂ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਨੂੰ ਵਿਸ਼ਵ-ਵਿਆਪੀ ਮੁੱਲਾਂ ਵਜੋਂ ਪੇਸ਼ ਕਰਨਾ ਵਿਸ਼ੇਸ਼ ਅਹਿਮੀਅਤ ਰੱਖਦਾ ਹੈ। ਉਨ੍ਹਾਂ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ, ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀਆਂ ਲਾਸਾਨੀ ਕੁਰਬਾਨੀਆਂ ਨੂੰ ਸ਼ਰਧਾ ਨਾਲ ਯਾਦ ਕੀਤਾ ਅਤੇ ਸਿੱਖ ਧਰਮ ਦੀਆਂ ਮੂਲ ਕਦਰਾਂ ਕੀਮਤਾਂ ਨੂੰ ਮਨੁੱਖਤਾ ਲਈ ਮਾਰਗ ਦਰਸ਼ਕ ਸਿਧਾਂਤਾਂ ਵਜੋਂ ਵਿਸ਼ਵ ਸਾਹਮਣੇ ਰੱਖਦਿਆਂ ਇਸ ਗਲ 'ਤੇ ਜ਼ੋਰ ਦਿਤਾ ਕਿ ਦੁਨੀਆ ਦੇ ਹਰ ਕੋਨੇ ਵਿੱਚ ਸਥਿਤ ਗੁਰਦੁਆਰੇ ਨਿਸ਼ਕਾਮ ਸੇਵਾ ਦੇ ਕੇਂਦਰ ਹਨ, ਜਿੱਥੇ ਹਰ ਲੋੜਵੰਦ ਨੂੰ ਲੰਗਰ ਅਤੇ ਆਸਰਾ ਮਿਲਦਾ ਹੈ। ਸਿੱਖ ਧਰਮ ਦੀ ਇਹ ਵਿਚਾਰਧਾਰਾ ਕੋਈ ਨਵੀਂ ਨਹੀਂ। ਗੁਰੂ ਨਾਨਕ ਦੇਵ ਜੀ ਦਾ "ਨ ਕੋ ਬੈਰੀ ਨਹੀ ਬਿਗਾਨਾ" ਅਤੇ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦਾ "ਮਾਨਸ ਕੀ ਜਾਤ ਸਭੈ ਏਕੈ ਪਹਿਚਾਨਬੋ" ਦਾ ਸੰਦੇਸ਼ ਮਨੁੱਖੀ ਏਕਤਾ ਅਤੇ ਸਹਿ-ਅਸਤਿਤਵ ਦੀ ਅਜਿਹੀ ਵਿਆਖਿਆ ਕਰਦਾ ਹੈ, ਜਿਸ ਦੀ ਲੋੜ ਅੱਜ ਦੇ ਟਕਰਾਵਾਂ ਨਾਲ ਭਰੇ ਸੰਸਾਰ ਨੂੰ ਪਹਿਲਾਂ ਨਾਲੋਂ ਵੱਧ ਹੈ। ਜਦੋਂ ਦੁਨੀਆ ਧਾਰਮਿਕ ਅਸਹਿਣਸ਼ੀਲਤਾ, ਨਸਲੀ ਨਫ਼ਰਤ, ਹਿੰਸਕ ਕੱਟੜਪੰਥ ਅਤੇ ਟਕਰਾਵਾਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ, ਉਦੋਂ ਸਿੱਖ ਗੁਰੂਆਂ ਦਾ ਇਹ ਸੰਦੇਸ਼ ਵਿਸ਼ਵ ਸ਼ਾਂਤੀ, ਸਹਿ-ਅਸਤਿਤਵ ਅਤੇ ਮਨੁੱਖੀ ਏਕਤਾ ਲਈ ਹੋਰ ਵੀ ਪ੍ਰਸੰਗਿਕ ਹੋ ਜਾਂਦਾ ਹੈ। ਨਿਊਜ਼ੀਲੈਂਡ ਦੇ ਮੌਜੂਦਾ ਸਮਾਜਿਕ ਪ੍ਰਸੰਗ ਵਿੱਚ ਇਹ ਸੰਦੇਸ਼ ਇਸ ਲਈ ਹੋਰ ਵੀ ਅਹਿਮ ਹੋ ਜਾਂਦਾ ਹੈ ਕਿਉਂਕਿ ਪਿਛਲੇ ਕੁਝ ਸਮੇਂ ਦੌਰਾਨ ਉੱਥੇ ਕੁਝ ਕੱਟੜਪੰਥੀ ਤੱਤਾਂ ਵੱਲੋਂ ਸਿੱਖ ਪਛਾਣ ਅਤੇ ਨਗਰ ਕੀਰਤਨਾਂ ਦੇ ਵਿਰੁੱਧ ਨਫ਼ਰਤ ਫੈਲਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਸਨ। ਦਸੰਬਰ 2025 ਵਿੱਚ ਬ੍ਰਾਇਨ ਤਮਾਕੀ ਦੀ ਅਗਵਾਈ ਵਾਲੇ ਕੱਟੜਪੰਥੀ "ਡੈਸਟਨੀ ਗਰੁੱਪ" ਵੱਲੋਂ ਇੱਕ ਨਗਰ ਕੀਰਤਨ ਨੂੰ ਰੋਕਣ ਅਤੇ ਉਸ ਵਿੱਚ ਖ਼ਲਲ ਪਾਉਣ ਦੀ ਕੋਸ਼ਿਸ਼ ਨੇ ਸਿੱਖ ਭਾਈਚਾਰੇ ਨੂੰ ਗਹਿਰੀ ਚਿੰਤਾ ਵਿੱਚ ਪਾ ਦਿੱਤਾ ਸੀ। ਪਰ ਇਸ ਦੇ ਬਾਵਜੂਦ ਸਿੱਖ ਭਾਈਚਾਰੇ ਨੇ ਅਸਧਾਰਨ ਸੰਜਮ, ਸਹਿਣਸ਼ੀਲਤਾ ਅਤੇ ਸ਼ਾਂਤੀ ਦਾ ਪ੍ਰਦਰਸ਼ਨ ਕਰਦਿਆਂ ਗੁਰੂ ਸਾਹਿਬਾਨ ਦੇ "ਸਰਬੱਤ ਦੇ ਭਲੇ" ਦੇ ਸੰਦੇਸ਼ ਦਾ ਪੱਲਾ ਨਹੀਂ ਛੱਡਿਆ ਸੀ। ਉਸ ਸਮੇਂ ਸਿੱਖ ਭਾਈਚਾਰੇ ਵੱਲੋਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਗਈ ਸੀ ਕਿ ਨਿਊਜ਼ੀਲੈਂਡ ਸਰਕਾਰ ਕੋਲ ਕੂਟਨੀਤਕ ਪੱਧਰ 'ਤੇ ਮਾਮਲਾ ਉਠਾ ਕੇ ਨਗਰ ਕੀਰਤਨਾਂ ਅਤੇ ਹੋਰ ਧਾਰਮਿਕ ਸਮਾਗਮਾਂ ਦੀ ਨਿਰਵਿਘਨਤਾ, ਸਿੱਖਾਂ ਦੇ ਧਾਰਮਿਕ ਅਧਿਕਾਰਾਂ ਦੀ ਸੁਰੱਖਿਆ ਅਤੇ ਭਾਰਤੀ ਭਾਈਚਾਰੇ ਲਈ ਸੁਰੱਖਿਅਤ ਮਾਹੌਲ ਯਕੀਨੀ ਬਣਾਇਆ ਜਾਵੇ। ਅਜਿਹੇ ਮਾਹੌਲ ਵਿੱਚ ਪ੍ਰਧਾਨ ਮੰਤਰੀ ਮੋਦੀ ਵੱਲੋਂ ਸਿੱਖਾਂ ਨੂੰ "ਮਨੁੱਖਤਾ ਦੀ ਸੇਵਾ ਕਰਨ ਵਾਲਾ ਭਾਈਚਾਰਾ" ਦੱਸਣਾ ਕੇਵਲ ਪ੍ਰਸ਼ੰਸਾ ਨਹੀਂ ਸੀ, ਸਗੋਂ ਇੱਕ ਮਜ਼ਬੂਤ ਕੂਟਨੀਤਕ ਅਤੇ ਨੈਤਿਕ ਸੰਦੇਸ਼ ਵੀ ਸੀ ਕਿ ਸਿੱਖ ਸੱਭਿਆਚਾਰ ਕਿਸੇ ਲਈ ਖ਼ਤਰਾ ਨਹੀਂ, ਸਗੋਂ ਸਮਾਜਿਕ ਸਾਂਝ, ਸਹਿ-ਅਸਤਿਤਵ ਅਤੇ ਮਨੁੱਖੀ ਸੇਵਾ ਦਾ ਪ੍ਰਤੀਕ ਹੈ। ਇਹ ਉਨ੍ਹਾਂ ਤੱਤਾਂ ਲਈ ਵੀ ਸਪੱਸ਼ਟ ਜਵਾਬ ਸੀ ਜੋ ਸਿੱਖਾਂ ਦੀ ਸ਼ਾਂਤੀ-ਪਸੰਦ ਅਤੇ ਮਨੁੱਖਤਾਵਾਦੀ ਪਛਾਣ ਨੂੰ ਗ.ਲਤ ਢੰਗ ਨਾਲ ਪੇਸ਼ ਕਰਨ ਦੀ ਕੋਸ਼ਿਸ਼ ਕਰਦੇ ਹਨ। ਨਾਲ ਹੀ ਇਹ ਉਨ੍ਹਾਂ ਧਾਰਨਾਵਾਂ ਨੂੰ ਚੁਣੌਤੀ ਹੈ ਜੋ ਭਾਰਤ ਸਰਕਾਰ ਅਤੇ ਸਿੱਖ ਭਾਈਚਾਰੇ ਦੇ ਰਿਸ਼ਤੇ ਨੂੰ ਕੇਵਲ ਰਾਜਨੀਤਿਕ ਨਜ਼ਰੀਏ ਨਾਲ ਦੇਖਦੀਆਂ ਹਨ। ਪ੍ਰਧਾਨ ਮੰਤਰੀ ਮੋਦੀ ਦੇ ਸੰਬੋਧਨ ਦਾ ਇੱਕ ਹੋਰ ਮਹੱਤਵਪੂਰਨ ਪੱਖ ਇਹ ਸੀ ਕਿ ਇਸ ਨੇ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ ਦੇ ਮਾਣ-ਸਨਮਾਨ ਅਤੇ ਸੁਰੱਖਿਆ ਦੇ ਮੁੱਦੇ ਨੂੰ ਅੰਤਰਰਾਸ਼ਟਰੀ ਮੰਚ ਪ੍ਰਦਾਨ ਕੀਤਾ। ਇਸ ਨਾਲ ਇਹ ਸੰਦੇਸ਼ ਵੀ ਗਿਆ ਕਿ ਭਾਰਤ ਸਰਕਾਰ ਸਿੱਖ ਵਿਰਾਸਤ ਅਤੇ ਗੁਰੂਆਂ ਦੀਆਂ ਸਿੱਖਿਆਵਾਂ ਨੂੰ ਦੇਸ਼ ਦੀ ਸਾਂਝੀ ਸਭਿਆਚਾਰਕ ਪੂੰਜੀ ਮੰਨਦੀ ਹੈ ਅਤੇ ਆਪਣੇ ਪ੍ਰਵਾਸੀ ਭਾਈਚਾਰੇ ਦੇ ਧਾਰਮਿਕ ਅਧਿਕਾਰਾਂ ਅਤੇ ਸੁਰੱਖਿਆ ਪ੍ਰਤੀ ਵੀ ਸੰਵੇਦਨਸ਼ੀਲ ਹੈ। ਅੱਜ ਦੀ ਵਿਸ਼ਵ ਰਾਜਨੀਤੀ ਵਿੱਚ ਡਾਇਸਪੋਰਾ ਕੂਟਨੀਤੀ ਦੀ ਮਹੱਤਤਾ ਲਗਾਤਾਰ ਵਧ ਰਹੀ ਹੈ। ਵਿਦੇਸ਼ਾਂ ਵਿੱਚ ਵੱਸਦੇ ਭਾਰਤੀ ਹੁਣ ਸਿਰਫ਼ ਆਰਥਿਕ ਸ਼ਕਤੀ ਨਹੀਂ, ਸਗੋਂ ਭਾਰਤ ਦੀ ਸਭਿਆਚਾਰਕ ਅਤੇ ਰਣਨੀਤਿਕ ਤਾਕਤ ਦਾ ਵੀ ਅਹਿਮ ਹਿੱਸਾ ਹਨ। ਇਸ ਵਿੱਚ ਸਿੱਖ ਭਾਈਚਾਰੇ ਦੀ ਭੂਮਿਕਾ ਵਿਸ਼ੇਸ਼ ਹੈ। ਵਿਸ਼ਵ ਦੇ ਲਗਭਗ ਹਰ ਮਹਾਂਦੀਪ ਵਿੱਚ ਸਿੱਖ ਭਾਈਚਾਰੇ ਨੇ ਆਪਣੀ ਮਿਹਨਤ, ਉਦਾਰਤਾ ਅਤੇ ਸੇਵਾ ਰਾਹੀਂ ਭਾਰਤ ਦੀ ਇੱਕ ਸਕਾਰਾਤਮਿਕ ਅਤੇ ਸਨਮਾਨਯੋਗ ਪਛਾਣ ਬਣਾਈ ਹੈ। ਇਸ ਲਈ ਪ੍ਰਧਾਨ ਮੰਤਰੀ ਮੋਦੀ ਵੱਲੋਂ ਸਿੱਖ ਭਾਈਚਾਰੇ ਨੂੰ ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ "ਸਦੀਵੀ ਪੁਲ" ਕਰਾਰ ਦੇਣਾ ਸਿਰਫ਼ ਇੱਕ ਪ੍ਰਤੀਕਾਤਮਿਕ ਟਿੱਪਣੀ ਨਹੀਂ, ਸਗੋਂ ਇੱਕ ਡੂੰਘੀ ਕੂਟਨੀਤਕ ਸਵੀਕਾਰਤਾ ਹੈ। ਪ੍ਰਧਾਨ ਮੰਤਰੀ ਨੇ ਸਿੱਖ ਜਗਤ ਨਾਲ ਜੁੜੇ ਕਈ ਮਹੱਤਵਪੂਰਨ ਕਦਮਾਂ ਦਾ ਵੀ ਜ਼ਿਕਰ ਕੀਤਾ। ਸ਼੍ਰੀ ਹਰਿਮੰਦਰ ਸਾਹਿਬ ਲਈ ਵਿਦੇਸ਼ੀ ਸੰਗਤ ਵੱਲੋਂ ਭੇਜੇ ਜਾਣ ਵਾਲੇ ਦਸਵੰਧ ਸਬੰਧੀ ਐੱਫ.ਸੀ.ਆਰ.ਏ. ਦੀਆਂ ਅੜਚਨਾਂ ਦਾ ਹੱਲ, ਤਾਲਿਬਾਨ ਦੇ ਕਬਜ਼ੇ ਦੌਰਾਨ ਅਫ਼ਗ.ਾਨਿਸਤਾਨ ਤੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਪੂਰੇ ਸਰਕਾਰੀ ਸਨਮਾਨ ਨਾਲ ਭਾਰਤ ਲਿਆਉਣਾ, ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ "ਵੀਰ ਬਾਲ ਦਿਵਸ" ਦੀ ਸ਼ੁਰੂਆਤ, ਗੁਰੂ ਤੇਗ. ਬਹਾਦਰ ਜੀ ਦੇ 400ਵੇਂ ਪ੍ਰਕਾਸ਼ ਪੁਰਬ ਅਤੇ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਰਾਸ਼ਟਰੀ ਸਮਾਗਮ, ਕਰਤਾਰਪੁਰ ਲਾਂਘਾ ਅਤੇ ਸ਼੍ਰੀ ਹੇਮਕੁੰਟ ਸਾਹਿਬ ਰੋਪਵੇਅ ਵਰਗੇ ਉਪਰਾਲੇ ਦਰਸਾਉਂਦੇ ਹਨ ਕਿ ਸਿੱਖ ਵਿਰਾਸਤ ਅਤੇ ਧਾਰਮਿਕ ਭਾਵਨਾਵਾਂ ਨਾਲ ਜੁੜੇ ਮਾਮਲੇ ਭਾਰਤ ਦੇ ਰਾਸ਼ਟਰੀ ਏਜੰਡੇ ਦਾ ਮਹੱਤਵਪੂਰਨ ਹਿੱਸਾ ਬਣ ਰਹੇ ਹਨ।



ਇਸ ਦੇ ਨਾਲ ਹੀ ਇਹ ਸੰਦੇਸ਼ ਉਨ੍ਹਾਂ ਤੱਤਾਂ ਲਈ ਵੀ ਜਵਾਬ ਹੈ ਜੋ ਭਾਰਤ ਸਰਕਾਰ ਅਤੇ ਸਿੱਖਾਂ ਵਿਚਕਾਰ ਦੂਰੀਆਂ ਅਤੇ ਗ.ਲਤਫ਼ਹਿਮੀਆਂ ਪੈਦਾ ਕਰਨ ਦੀ ਕੋਸ਼ਿਸ਼ ਕਰਦੇ ਹਨ। ਸਿੱਖ ਗੁਰੂਆਂ ਅਤੇ ਸਿੱਖ ਵਿਰਾਸਤ ਨੂੰ ਵਿਸ਼ਵ ਮੰਚ 'ਤੇ ਸਨਮਾਨ ਦੇਣਾ ਇੱਕ ਅਜਿਹਾ ਸਕਾਰਾਤਮਿਕ ਅਤੇ ਭਰੋਸੇਮੰਦ ਪੁਲ ਹੈ, ਜੋ ਸਿੱਖ ਭਾਈਚਾਰੇ ਅਤੇ ਭਾਰਤ ਵਿਚਕਾਰ ਆਪਸੀ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰ ਸਕਦਾ ਹੈ। ਆਕਲੈਂਡ ਤੋਂ ਉੱਠੀ ਇਹ ਆਵਾਜ਼ ਕੇਵਲ ਸਿੱਖਾਂ ਦੀ ਪ੍ਰਸ਼ੰਸਾ ਨਹੀਂ ਸੀ; ਇਹ ਸਿੱਖ ਗੁਰੂਆਂ ਦੀ ਮਨੁੱਖਤਾਵਾਦੀ ਵਿਚਾਰਧਾਰਾ ਨੂੰ ਵਿਸ਼ਵ ਰਾਜਨੀਤੀ ਦੇ ਕੇਂਦਰ ਵਿੱਚ ਸਥਾਪਿਤ ਕਰਨ ਦਾ ਸੰਦੇਸ਼ ਸੀ। ਜਦੋਂ ਸੰਸਾਰ ਨਫ਼ਰਤ, ਧਾਰਮਿਕ ਅਸਹਿਣਸ਼ੀਲਤਾ ਅਤੇ ਟਕਰਾਵਾਂ ਨਾਲ ਜੂਝ ਰਿਹਾ ਹੈ, ਉਦੋਂ ਸੇਵਾ, ਸਮਾਨਤਾ ਅਤੇ ਸਰਬੱਤ ਦੇ ਭਲੇ ਦਾ ਸਿੱਖ ਸੰਦੇਸ਼ ਹੋਰ ਵੀ ਪ੍ਰਸੰਗਿਕ ਬਣ ਜਾਂਦਾ ਹੈ। ਨਿਊਜ਼ੀਲੈਂਡ ਦੀ ਧਰਤੀ ਤੋਂ ਪ੍ਰਧਾਨ ਮੰਤਰੀ ਮੋਦੀ ਵੱਲੋਂ ਇਸ ਸੰਦੇਸ਼ ਨੂੰ ਦੁਹਰਾਉਣਾ ਨਾ ਸਿਰਫ਼ ਵਿਸ਼ਵ ਸਿੱਖ ਭਾਈਚਾਰੇ ਦੇ ਸਨਮਾਨ ਦਾ ਪਲ ਸੀ, ਸਗੋਂ ਭਾਰਤ ਦੀ ਬਹੁਵਾਦੀ ਅਤੇ ਰਾਸ਼ਟਰੀ ਪਛਾਣ ਦਾ ਵੀ ਇੱਕ ਪ੍ਰਤੱਖ ਪ੍ਰਗਟਾਵਾ ਸੀ, ਜੋ ਇੱਕ ਮਹੱਤਵਪੂਰਨ ਪਲ ਬਣ ਕੇ ਇਤਿਹਾਸ ਵਿੱਚ ਦਰਜ ਹੋ ਗਿਆ ਹੈ।

**ਲੇਖਕ-ਪ੍ਰੋ. ਸਰਚਾਂਦ ਸਿੰਘ ਖਿਆਲਾ, ਬੁਲਾਰਾ, ਪੰਜਾਬ ਭਾਜਪਾ**
ਮੋ. 9781355522

## ਦੇਸ਼ ਨਿਰਮਾਣ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਵਧਾਉਣ ਲਈ ਮਾਈ ਭਾਰਤ-ਐਨਐਸਐਸ ਵਿਸ਼ੇਸ਼ ਰਜਿਸਟ੍ਰੇਸ਼ਨ ਮੁਹਿੰਮ ਦਾ ਆਯੋਜਨ

ਤਲਵੰਡੀ ਸਾਬੋ, 13 ਜੁਲਾਈ (ਗੁਰਜੰਟ ਸਿੰਘ ਨਥੇਹਾ)- ਨੌਜਵਾਨ ਮਾਮਲੇ ਅਤੇ ਖੇਡ ਮੰਤਰਾਲੇ, ਭਾਰਤ ਸਰਕਾਰ ਦੇ ਰਾਸ਼ਟਰੀ ਸੇਵਾ ਯੋਜਨਾ ਦੇ ਖੇਤਰੀ ਡਾਇਰੈਕਟੋਰੇਟ, ਚੰਡੀਗੜ੍ਹ ਵੱਲੋਂ ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੇ ਸਹਿਯੋਗ ਨਾਲ ਯੂਨੀਵਰਸਿਟੀ ਕੈਂਪਸ ਵਿਖੇ 'ਮਾਈ ਭਾਰਤ- ਐਨ ਐੱਸ ਐੱਸ ਆਊਟਰੀਚ ਪ੍ਰੋਗਰਾਮ ਅਤੇ ਵਿਸ਼ੇਸ਼ ਰਜਿਸਟ੍ਰੇਸ਼ਨ ਮੁਹਿੰਮ' ਦਾ ਸਫ਼ਲ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਦੇਸ਼ ਵਿਆਪੀ 'ਨੌਜਵਾਨ ਰਜਿਸਟ੍ਰੇਸ਼ਨ ਅਤੇ ਜਾਗਰੂਕਤਾ ਮੁਹਿੰਮ' (1 ਜੁਲਾਈ ਤੋਂ 15 ਅਗਸਤ 2026) ਦੇ ਹਿੱਸੇ ਵਜੋਂ ਉਲੀਕਿਆ ਗਿਆ ਸੀ, ਜਿਸਦਾ ਮੁੱਖ ਉਦੇਸ਼ 'ਮਾਈ ਭਾਰਤ ਪੋਰਟਲ' ਉੱਤੇ ਨੌਜਵਾਨਾਂ ਦੀ ਰਜਿਸਟ੍ਰੇਸ਼ਨ ਵਿੱਚ ਤੇਜ਼ੀ ਲਿਆਉਣਾ ਅਤੇ ਦੇਸ਼ ਦੇ ਵਿਕਾਸ ਵਿੱਚ ਉਨ੍ਹਾਂ ਦੀ ਭਾਗੀਦਾਰੀ ਨੂੰ ਮਜ਼ਬੂਤ ਕਰਨਾ ਹੈ। ਇਸ ਮੁਹਿੰਮ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ 'ਮਾਈ ਭਾਰਤ' ਪਲੇਟਫਾਰਮ ਬਾਰੇ ਜਾਗਰੂਕ ਕਰਨਾ, ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣਾ ਅਤੇ ਉਨ੍ਹਾਂ ਨੂੰ ਸਮਾਜ ਸੇਵਾ, ਲੀਡਰਸ਼ਿਪ, ਹੁਨਰ ਵਿਕਾਸ ਅਤੇ ਸਰਕਾਰੀ ਸਕੀਮਾਂ ਵਿੱਚ ਸਰਗਰਮ ਹਿੱਸਾ ਲੈਣ ਲਈ ਪ੍ਰੇਰਿਤ ਕਰਨਾ ਸੀ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਪੋਰਟਲ 'ਤੇ ਰਜਿਸਟ੍ਰੇਸ਼ਨ ਕਰਵਾਈ ਅਤੇ 'ਵਿਕਸਿਤ ਭਾਰਤ @2047' ਦੇ ਸੁਪਨੇ ਨੂੰ ਸਾਕਾਰ ਕਰਨ ਅਤੇ ਸਮਾਜਿਕ ਜ਼ਿੰਮੇਵਾਰੀ ਨਿਭਾਉਣ ਦਾ ਪ੍ਰਣ ਲਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਭਾਰਤ ਸਰਕਾਰ ਦੇ ਐਨ ਐੱਸ ਐੱਸ ਖੇਤਰੀ ਡਾਇਰੈਕਟਰ ਚੰਡੀਗੜ੍ਹ ਸ਼੍ਰੀ ਅੰਕੁਸ਼ ਨਿਝਾਵਨ ਨੇ ਦੱਸਿਆ ਕਿ ਐਨ ਐੱਸ ਐੱਸ ਦੇਸ਼ ਦੀਆਂ ਸਭ ਤੋਂ ਵੱਡੀਆਂ ਨੌਜਵਾਨ ਲਹਿਰਾਂ ਵਿੱਚੋਂ ਇੱਕ ਹੈ, ਜੋ ਸਮਾਜ ਸੇਵਾ ਰਾਹੀਂ ਵਿਦਿਆਰਥੀਆਂ ਦੀ ਸ਼ਖਸੀਅਤ ਅਤੇ ਲੀਡਰਸ਼ਿਪ ਦੇ ਗੁਣਾਂ ਨੂੰ ਨਿਖਾਰਦੀ ਹੈ। ਇਹ ਉਨ੍ਹਾਂ ਵਲੰਟੀਅਰਾਂ ਨੂੰ ਐਨ ਐੱਸ ਐੱਸ ਦੇ ਆਦਰਸ਼ ਵਾਕ 'ਮੈਂ ਨਹੀਂ, ਬਲਕਿ ਤੁਸੀਂ' ਦੀ ਭਾਵਨਾ ਨਾਲ ਦੇਸ਼ ਸੇਵਾ ਵਿੱਚ ਜੁਟਣ ਲਈ ਪ੍ਰੇਰਿਤ ਕਰਦੀ ਹੈ। 'ਮਾਈ ਭਾਰਤ' ਪਲੇਟਫਾਰਮ ਦੀ ਮਹੱਤਤਾ ਬਾਰੇ ਚਾਨਣਾ ਪਾਇਆ।

# ਇੱਕ ਨਜ਼ਰ . . .





## ਮਿਸਲ ਸਤਲੁਜ ਵੱਲੋਂ ਜੀਰਾ ਤੇ ਹਰੀਕੇ ਵਿਖੇ ਕੱਢਿਆ ਗਿਆ ਮਿਸਾਲ ਮਾਰਚ ਫਿਲਮ ਪੰਜਾਬ 95 ਤੋਂ ਬੈਨ ਹਟਾਉਣ ਦੀ ਉੱਠੀ ਮੰਗ

### ਜਸਵੰਤ ਸਿੰਘ ਖਾਲੜਾ ਦੀ ਸ਼ਹੀਦੀ ਨੂੰ ਸਮਰਪਿਤ ਜ਼ੀਰਾ ਸ਼ਹਿਰ ਵਿਖੇ ਕੱਢਿਆ ਹਨੇਰੇ ਨੂੰ ਵੰਗਾਰ ਮਸ਼ਾਲ ਮਾਰਚ

ਫ਼ਿਰੋਜ਼ਪੁਰ, 13 ਜੁਲਾਈ (ਮਨੋਹਰ ਲਾਲ) : ਮਿਸਲ ਸਤਲੁਜ ਵੱਲੋਂ ਇਲਾਕੇ ਦੇ ਨੌਜਵਾਨਾਂ ਅਤੇ ਲੋਕਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਜੀਰਾ ਅਤੇ ਹਰੀਕੇ ਵਿਖੇ ਇੱਕ ਵਿਸ਼ਾਲ ਮਿਸਾਲ ਮਾਰਚ ਕੱਢਿਆ ਗਿਆ। ਇਹ ਯਾਤਰਾ ਜੀਰਾ ਦੇ ਸ਼ੇਰਾਂ ਵਾਲੇ ਚੌਂਕ ਤੋਂ ਸ਼ੁਰੂ ਹੋ ਕੇ ਥਾਣਾ ਰੋਡ ਰਾਹੀਂ ਹੁੰਦੀ ਹੋਈ ਅੱਗੇ ਵਧੀ। ਇਸ ਸਬੰਧੀ ਗੱਲਬਾਤ ਕਰਦਿਆਂ ਮਿਸਲ ਸਤਲੁਜ ਦੇ ਆਗੂ ਦਵਿੰਦਰ ਸਿੰਘ ਸੇਖੋਂ ਨੇ ਦੱਸਿਆ ਕਿ ਇਸ ਮਾਰਚ ਦਾ ਮੁੱਖ ਉਦੇਸ਼ ਸਮਾਜ ਵਿੱਚੋਂ ਹਨੇਰੇ ਨੂੰ ਖ਼ਤਮ ਕਰਕੇ ਚਾਨਣ ਫੈਲਾਉਣਾ ਅਤੇ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ ਤੋਂ ਜਾਣੂ ਕਰਵਾਉਣਾ ਹੈ। ਗੱਲਬਾਤ ਦੌਰਾਨ ਦਵਿੰਦਰ ਸਿੰਘ ਸੇਖੋਂ ਨੇ ਮਨੁੱਖੀ ਅਧਿਕਾਰਾਂ ਲਈ ਆਵਾਜ਼ ਬੁਲੰਦ ਕਰਨ ਵਾਲੇ ਮਹਾਨ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਕੁਰਬਾਨੀ ਦਾ ਵਿਸ਼ੇਸ਼ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਭਾਈ ਖਾਲੜਾ ਨੇ ਪੰਜਾਬ ਦੇ ਲਗਭਗ 25 ਹਜ਼ਾਰ ਲਾਪਤਾ ਅਤੇ ਸ਼ਹੀਦ ਕੀਤੇ ਗਏ ਨੌਜਵਾਨਾਂ ਦੀਆਂ ਸੂਚੀਆਂ ਤਿਆਰ ਕੀਤੀਆਂ ਸਨ, ਜਿਸ ਕਾਰਨ ਉਸ ਵੇਲੇ ਦੇ ਪੁਲਿਸ ਅਫ਼ਸਰਾਂ ਨੇ ਆਪਣੀਆਂ ਨਾਕਾਮੀਆਂ ਛੁਪਾਉਣ ਲਈ ਉਨ੍ਹਾਂ ਨੂੰ ਸ਼ਹੀਦ ਕਰ ਦਿੱਤਾ ਸੀ। ਉਨ੍ਹਾਂ ਸਰਕਾਰ ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਤੇ ਬਣੀ ਫਿਲਮ ਪੰਜਾਬ 95 (ਸਤਲੁਜ) ਨੂੰ ਲੋਕਾਂ ਦੇ ਸਾਹਮਣੇ ਆਉਣ ਦੇਣਾ ਚਾਹੀਦਾ ਹੈ। ਸਰਕਾਰ ਵੱਲੋਂ ਇਸ ਫਿਲਮ ਤੇ ਬੈਨ ਲਗਾਉਣਾ ਬਿਲਕੁਲ ਗਲਤ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਫਿਲਮ ਨੂੰ ਤੁਰੰਤ ਰਿਲੀਜ਼ ਕੀਤਾ ਜਾਵੇ ਤਾਂ ਜੋ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਪਤਾ ਲੱਗ ਸਕੇ ਕਿ ਉਸ ਵੇਲੇ ਦੀਆਂ ਹੁਕਮਰਾਨ ਸਰਕਾਰਾਂ ਨੇ ਪੰਜਾਬ ਦੀ ਜਵਾਨੀ ਨਾਲ ਕੀ ਧੱਕਾ ਕੀਤਾ ਸੀ। ਮਿਸਾਲ ਮਾਰਚ ਦੌਰਾਨ ਸ਼ਾਮਲ ਲੋਕਾਂ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਪ੍ਰਦਰਸ਼ਨਕਾਰੀਆਂ ਨੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਅਮਰ ਰਹੇ, ਫਿਲਮ ਰਿਲੀਜ਼ ਕਰੋ, ਧੱਕੇਸ਼ਾਹੀ ਨਹੀਂ ਚੱਲੇਗੀ ਅਤੇ ਕਤਲ ਕਰਨ ਵਾਲੇ ਕੇ.ਪੀ.ਐਸ. ਗਿੱਲ ਦੇ ਸਨਮਾਨ ਵਾਪਸ ਲਓ ਵਰਗੇ ਨਾਅਰੇ ਲਗਾ ਕੇ ਰੋਸ ਪ੍ਰਗਟ ਕੀਤਾ। ਮਾਰਚ ਵਿੱਚ ਸ਼ਾਮਲ ਨੌਜਵਾਨਾਂ ਨੇ ਪ੍ਰਣ ਲਿਆ ਕਿ ਉਹ ਭਾਈ ਖਾਲੜਾ ਦੀ ਸੋਚ ਤੇ ਪਹਿਰਾ ਦਿੰਦੇ ਰਹਿਣਗੇ।

## 30 ਦਿਨ ਜੇਲ੍ਹ 'ਚ ਰਹਿਣ 'ਤੇ ਪ੍ਰਧਾਨ ਮੰਤਰੀ, ਮੁੱਖ ਮੰਤਰੀ ਤੇ ਮੰਤਰੀਆਂ ਨੂੰ ਅਹੁਦੇ ਤੋਂ ਹਟਾਉਣ ਵਾਲੇ ਬਿੱਲ ਵਿੱਚ ਜੇਪੀਸੀ ਵੱਲੋਂ 5 ਸੋਧਾਂ ਦੀ ਸਿਫ਼ਾਰਸ਼



ਨਵੀਂ ਦਿੱਲੀ 13 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸੰਵਿਧਾਨ (130ਵਾਂ ਸੋਧ) ਬਿੱਲ ਦੀ ਸਮੀਖਿਆ ਕਰ ਰਹੀ ਸੰਯੁਕਤ ਸੰਸਦੀ ਕਮੇਟੀ (ਜੇਪੀਸੀ) ਨੇ ਪ੍ਰਧਾਨ ਮੰਤਰੀ, ਮੁੱਖ ਮੰਤਰੀ ਅਤੇ ਮੰਤਰੀਆਂ ਨੂੰ ਗੰਭੀਰ ਅਪਰਾਧਾਂ ਦੇ ਮਾਮਲਿਆਂ ਵਿੱਚ 30 ਲਗਾਤਾਰ ਦਿਨ ਨਿਆਂਇਕ ਹਿਰਾਸਤ ਵਿੱਚ ਰਹਿਣ 'ਤੇ ਅਹੁਦੇ ਤੋਂ ਹਟਾਉਣ ਸਬੰਧੀ ਪ੍ਰਸਤਾਵਿਤ ਬਿੱਲ ਵਿੱਚ ਪੰਜ ਅਹਿਮ ਸੋਧਾਂ ਦੀ ਸਿਫ਼ਾਰਸ਼ ਕੀਤੀ ਹੈ। ਕਮੇਟੀ ਨੇ "ਅਹੁਦੇ ਤੋਂ ਹਟਾਉਣ" ਦੀ ਥਾਂ "ਮੁਅੱਤਲ ਕਰਨ" ਦਾ ਪ੍ਰਬੰਧ ਕਰਨ ਦੀ ਸਿਫ਼ਾਰਸ਼ ਕੀਤੀ ਹੈ, ਕਿਉਂਕਿ ਮੁਅੱਤਲੀ ਨੂੰ ਅਸਥਾਈ ਅਤੇ ਵਾਪਸ ਲਈ ਜਾ ਸਕਣ ਵਾਲਾ ਕਦਮ ਮੰਨਿਆ ਗਿਆ ਹੈ। ਹਾਲਾਂਕਿ ਮੁਅੱਤਲੀ ਦੀ ਸਥਿਤੀ ਵਿੱਚ ਵੀ ਸੰਬੰਧਿਤ ਵਿਅਕਤੀ ਨੂੰ ਅਹੁਦਾ ਛੱਡਣਾ ਪਵੇਗਾ। ਕਮੇਟੀ ਨੇ ਗੰਭੀਰ ਅਪਰਾਧ ਦੀ ਪਰਿਭਾਸ਼ਾ ਘੱਟੋ-ਘੱਟ ਪੰਜ ਸਾਲ ਦੀ ਸਜ਼ਾ ਵਾਲੇ ਮਾਮਲਿਆਂ ਤੱਕ ਸੀਮਿਤ ਕਰਨ, ਦੋਸ਼ੀ ਦੇ ਬਰੀ ਜਾਂ ਡਿਸਚਾਰਜ ਹੋਣ 'ਤੇ ਮੁਅੱਤਲੀ ਆਪਣੇ ਆਪ ਖ਼ਤਮ ਕਰਨ, ਉੱਚ ਸੰਵਿਧਾਨਕ ਅਹੁਦਿਆਂ ਨਾਲ ਜੁੜੇ ਮਾਮਲਿਆਂ ਦੀ ਸੁਣਵਾਈ ਲਈ ਫਾਸਟ-ਟਰੈਕ ਅਦਾਲਤਾਂ ਬਣਾਉਣ ਅਤੇ ਅਜਿਹੇ ਅਪਰਾਧਾਂ ਦੀ ਵੱਖਰੀ ਸੂਚੀ ਤਿਆਰ ਕਰਨ ਦੀ ਵੀ ਸਿਫ਼ਾਰਸ਼ ਕੀਤੀ ਹੈ। ਵਿਰੋਧੀ ਧਿਰ ਨੇ ਇਸ ਬਿੱਲ ਨੂੰ ਸਿਆਸੀ ਦੁਰਵਰਤੋਂ ਦੀ ਸੰਭਾਵਨਾ ਵਾਲਾ ਦੱਸਦਿਆਂ ਜੇਪੀਸੀ ਦੀ ਕਾਰਵਾਈ ਦਾ ਬਾਈਕਾਟ ਕੀਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸਖ਼ਤ ਜ਼ਮਾਨਤੀ ਕਾਨੂੰਨਾਂ ਵਾਲੇ ਮਾਮਲਿਆਂ ਵਿੱਚ 30 ਦਿਨ ਦੀ ਹਿਰਾਸਤ ਦੇ ਆਧਾਰ 'ਤੇ ਚੁਣੇ ਹੋਏ ਮੁੱਖ ਮੰਤਰੀਆਂ ਜਾਂ ਮੰਤਰੀਆਂ ਨੂੰ ਅਹੁਦੇ ਤੋਂ ਹਟਾਉਣ ਜਾਂ ਮੁਅੱਤਲ ਕਰਨ ਦਾ ਪ੍ਰਬੰਧ ਸਰਕਾਰਾਂ ਨੂੰ ਅਸਥਿਰ ਕਰਨ ਲਈ ਵਰਤਿਆ ਜਾ ਸਕਦਾ ਹੈ। ਦੂਜੇ ਪਾਸੇ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਹੈ ਕਿ ਇਹ ਬਿੱਲ ਕਿਸੇ ਇੱਕ ਪਾਰਟੀ ਖ਼ਿਲਾਫ਼ ਨਹੀਂ, ਸਗੋਂ ਸਾਰੇ ਪ੍ਰਧਾਨ ਮੰਤਰੀਆਂ, ਮੁੱਖ ਮੰਤਰੀਆਂ ਅਤੇ ਮੰਤਰੀਆਂ 'ਤੇ ਇੱਕੋ ਜਿਹਾ ਲਾਗੂ ਹੋਵੇਗਾ।

# ਡਾ. ਮਨਮੋਹਨ ਸਿੰਘ ਦੀ ਪੀੜਾ ਨੇ ਕਾਂਗਰਸ ਦਾ ਅਸਲ ਚਿਹਰਾ ਬੇਨਕਾਬ ਕੀਤਾ: ਪ੍ਰੋ. ਸਰਚਾਂਦ ਸਿੰਘ ਖਿਆਲਾ

## ਚੋਣ ਕਮਿਸ਼ਨ ਨੂੰ ਕਮਜ਼ੋਰ ਕਰਨ ਵਾਲੀ ਕਾਂਗਰਸ ਨੂੰ ਅੱਜ ਲੋਕਤੰਤਰ ਦੀ ਦੁਹਾਈ ਦੇਣ ਦਾ ਕੋਈ ਨੈਤਿਕ ਹੱਕ ਨਹੀਂ



ਅੰਮ੍ਰਿਤਸਰ, 13 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਾਬਕਾ ਮੁੱਖ ਚੋਣ ਕਮਿਸ਼ਨਰ ਐੱਸ.ਵਾਈ. ਕੁਰੈਸ਼ੀ ਦੀ ਕਿਤਾਬ 'ਇੰਡੀਆ ਐਂਡ ਆਈ: ਏ ਹੰਡਰੈੱਡ ਮੈਮਰੀਜ਼, ਨਾਟ ਏ ਮੈਮੋਇਰ' ਵਿੱਚ ਕੀਤੇ ਖ਼ੁਲਾਸਿਆਂ ਨੂੰ ਕਾਂਗਰਸ ਦੇ ਦੋਹਰੇ ਚਿਹਰੇ ਦਾ ਪਰਦਾਫਾਸ਼ ਕਰਾਰ ਦਿੰਦਿਆਂ ਕਿਹਾ ਕਿ ਤਤਕਾਲੀ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਵੱਲੋਂ ਇਹ ਕਹਿਣਾ ਕਿ "ਮੈਂ ਖ਼ੁਦਕੁਸ਼ੀ ਕਰ ਲਵਾਂਗਾ" ਦਰਅਸਲ ਉਸ ਡੂੰਘੀ ਪੀੜਾ ਦਾ ਪ੍ਰਗਟਾਵਾ ਸੀ, ਜੋ ਉਨ੍ਹਾਂ ਨੂੰ ਆਪਣੀ ਹੀ ਪਾਰਟੀ ਦੇ ਮੰਤਰੀਆਂ ਵੱਲੋਂ ਚੋਣ ਕਮਿਸ਼ਨ ਵਰਗੀ ਸੁਤੰਤਰ ਸੰਵਿਧਾਨਕ ਸੰਸਥਾ ਦੀ ਮਰਿਆਦਾ ਨਾਲ ਖਿਲਵਾੜ ਕਾਰਨ ਸਹਿਣੀ ਪਈ ਸੀ। ਪ੍ਰੋ. ਖਿਆਲਾ ਨੇ ਕਿਹਾ ਕਿ ਕੁਰੈਸ਼ੀ ਦੀ ਕਿਤਾਬ ਨੇ ਸਾਬਤ ਕਰ ਦਿੱਤਾ ਹੈ ਕਿ ਕਾਂਗਰਸ ਦਾ ਲੋਕਤੰਤਰ ਅਤੇ ਸੰਵਿਧਾਨਕ ਸੰਸਥਾਵਾਂ ਪ੍ਰਤੀ ਸਤਿਕਾਰ ਸਿਰਫ਼ ਸਿਆਸੀ ਸਹੂਲਤ ਤੱਕ ਸੀਮਤ ਹੈ। ਜਦੋਂ ਕਾਂਗਰਸ ਸੱਤਾ ਵਿੱਚ ਹੁੰਦੀ ਹੈ ਤਾਂ ਸੰਸਥਾਵਾਂ 'ਤੇ ਦਬਾਅ ਬਣਾਉਂਦੀ ਹੈ ਅਤੇ ਜਦੋਂ ਵਿਰੋਧ ਵਿੱਚ ਹੁੰਦੀ ਹੈ ਤਾਂ ਉਨ੍ਹਾਂ ਹੀ ਸੰਸਥਾਵਾਂ ਦੀ ਆੜ ਲੈ ਕੇ ਰਾਜਨੀਤੀ ਕਰਦੀ ਹੈ। ਉਨ੍ਹਾਂ ਕਿਹਾ ਕਿ 2012 ਦੀਆਂ ਉੱਤਰ ਪ੍ਰਦੇਸ਼ ਵਿਧਾਨ ਸਭਾ ਚੋਣਾਂ ਦੌਰਾਨ ਤਤਕਾਲੀ ਕਾਨੂੰਨ ਮੰਤਰੀ ਸਲਮਾਨ ਖ਼ੁਰਸ਼ੀਦ ਵੱਲੋਂ ਮੁਸਲਮਾਨਾਂ ਲਈ ਨੌਕਰੀਆਂ ਵਿੱਚ ਰਾਖਵਾਂ ਕੋਟਾ 4.5 ਫ਼ੀਸਦੀ ਤੋਂ ਵਧਾ ਕੇ 9 ਫ਼ੀਸਦੀ ਕਰਨ ਦਾ ਐਲਾਨ ਕਰਨਾ ਆਦਰਸ਼ ਚੋਣ ਜ਼ਾਬਤੇ ਦੀ ਸਪੱਸ਼ਟ ਉਲੰਘਣਾ ਸੀ। ਇਹ ਕਾਂਗਰਸ ਵੱਲੋਂ ਧਰਮ ਦੇ ਆਧਾਰ 'ਤੇ ਵੋਟਾਂ ਹਾਸਲ ਕਰਨ ਦੀ ਖੁੱਲ੍ਹੀ ਕੋਸ਼ਿਸ਼ ਸੀ। ਉਸ ਵੇਲੇ ਭਾਰਤੀ ਜਨਤਾ ਪਾਰਟੀ ਨੇ ਹੀ ਸਭ ਤੋਂ ਪਹਿਲਾਂ ਇਸ ਦਾ ਵਿਰੋਧ ਕੀਤਾ ਅਤੇ ਮਾਮਲਾ ਚੋਣ ਕਮਿਸ਼ਨ ਦੇ ਧਿਆਨ ਵਿੱਚ ਲਿਆਂਦਾ। ਭਾਜਪਾ ਦੀ ਸ਼ਿਕਾਇਤ 'ਤੇ ਚੋਣ ਕਮਿਸ਼ਨ ਨੇ ਸਲਮਾਨ ਖ਼ੁਰਸ਼ੀਦ ਦੀ ਨਿੰਦਾ ਕੀਤੀ, ਜੋ ਆਦਰਸ਼ ਚੋਣ ਜ਼ਾਬਤੇ ਤਹਿਤ ਸਭ ਤੋਂ ਸਖ਼ਤ ਕਾਰਵਾਈ ਸੀ। ਪ੍ਰੋ. ਖਿਆਲਾ ਨੇ ਕਿਹਾ ਕਿ ਕਾਂਗਰਸ ਦਾ ਇਤਿਹਾਸ ਸਮਾਜ ਨੂੰ ਧਰਮ, ਜਾਤ ਅਤੇ ਵਰਗ ਦੇ ਆਧਾਰ 'ਤੇ ਵੰਡ ਕੇ ਸਿਆਸੀ ਲਾਭ ਲੈਣ ਦੀ ਰਾਜਨੀਤੀ ਨਾਲ ਭਰਿਆ ਪਿਆ ਹੈ। ਇਸੇ ਸੋਚ ਦੀ ਝਲਕ ਉਸ ਵੇਲੇ ਵੀ ਸਾਹਮਣੇ ਆਈ ਜਦੋਂ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਜੂਨ 2023 ਵਿੱਚ ਆਪਣੀ ਅਮਰੀਕਾ ਯਾਤਰਾ ਦੌਰਾਨ ਮੁਸਲਿਮ ਲੀਗ ਨੂੰ ਵੀ ਇੱਕ "ਧਰਮ ਨਿਰਪੱਖ ਪਾਰਟੀ" ਕਰਾਰ ਦਿੱਤਾ ਸੀ। ਇਹ ਕਾਂਗਰਸ ਦੀ ਉਸ ਸੋਚ ਨੂੰ ਵੀ ਬੇਨਕਾਬ ਕਰਦਾ ਹੈ, ਜੋ ਅੱਜ ਵੀ ਧਰਮ-ਆਧਾਰਿਤ ਸਿਆਸਤ ਨੂੰ ਜਾਇਜ਼ ਠਹਿਰਾਉਣ ਦੀ ਕੋਸ਼ਿਸ਼ ਕਰਦੀ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਦਾ ਆਪਣਾ ਇਤਿਹਾਸ ਚੋਣ ਕਮਿਸ਼ਨ 'ਤੇ ਦਬਾਅ ਬਣਾਉਣ, ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਅਤੇ ਧਰਮ ਦੇ ਨਾਮ 'ਤੇ ਵੋਟਾਂ ਮੰਗਣ ਨਾਲ ਜੁੜਿਆ ਹੋਵੇ, ਉਨ੍ਹਾਂ ਨੂੰ ਅੱਜ ਲੋਕਤੰਤਰ ਅਤੇ ਸੰਵਿਧਾਨਕ ਸੰਸਥਾਵਾਂ ਬਾਰੇ ਨਸੀਹਤ ਦੇਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਅੱਜ ਚੋਣ ਕਮਿਸ਼ਨ ਦੇ ਕਿਸੇ ਵੀ ਪ੍ਰਸ਼ਾਸਨਿਕ ਜਾਂ ਕਾਨੂੰਨੀ ਫੈਸਲੇ ਨੂੰ ਸਿਆਸੀ ਰੰਗ ਦੇ ਕੇ ਉਸ ਦੀ ਭਰੋਸੇਯੋਗਤਾ ਨੂੰ ਢਾਹ ਲਗਾਉਣ ਦੀ ਕਾਂਗਰਸ ਦੀ ਕੋਸ਼ਿਸ਼ ਲੋਕਤੰਤਰ ਲਈ ਖ਼ਤਰਨਾਕ ਹੈ। ਉਨ੍ਹਾਂ ਕਿਹਾ ਕਿ ਅੱਜ ਉਹੀ ਕਾਂਗਰਸ ਐਸ.ਆਈ.ਆਰ. ਅਤੇ ਹੋਰ ਚੋਣੀ ਪ੍ਰਕਿਰਿਆਵਾਂ ਨੂੰ ਲੈ ਕੇ ਭਾਜਪਾ ਅਤੇ ਕੇਂਦਰ ਸਰਕਾਰ 'ਤੇ ਸਵਾਲ ਖੜ੍ਹੇ ਕਰ ਰਹੀ ਹੈ। ਹਕੀਕਤ ਇਹ ਹੈ ਕਿ ਵੋਟਰ ਸੂਚੀਆਂ ਦੀ ਸ਼ੁੱਧਤਾ, ਪਾਰਦਰਸ਼ਤਾ ਅਤੇ ਭਰੋਸੇਯੋਗਤਾ ਨੂੰ ਯਕੀਨੀ ਬਣਾਉਣਾ ਚੋਣ ਕਮਿਸ਼ਨ ਦਾ ਸੰਵਿਧਾਨਕ ਫ਼ਰਜ਼ ਹੈ। ਜਾਅਲੀ, ਦੁਹਰਾਈਆਂ ਜਾਂ ਅਯੋਗ ਐਂਟਰੀਆਂ ਨੂੰ ਹਟਾਉਣ ਲਈ ਕੀਤੇ ਜਾ ਰਹੇ ਕਦਮਾਂ ਦਾ ਵਿਰੋਧ ਕਰਨਾ ਲੋਕਤੰਤਰਿਕ ਪ੍ਰਕਿਰਿਆ ਨੂੰ ਕਮਜ਼ੋਰ ਕਰਨ ਦੇ ਬਰਾਬਰ ਹੈ। ਉਨ੍ਹਾਂ ਕਿਹਾ ਕਿ ਡਾ. ਮਨਮੋਹਨ ਸਿੰਘ ਦੇ ਇਹ ਸ਼ਬਦ—"ਚੋਣ ਕਮਿਸ਼ਨ ਭਾਰਤ ਦੀ ਜਮਹੂਰੀਅਤ ਦੀ ਰੂਹ ਹੈ, ਜੇ ਅਸੀਂ ਇਸ ਨੂੰ ਗੁਆ ਦਿੰਦੇ ਹਾਂ ਤਾਂ ਅਸੀਂ ਸਭ ਕੁਝ ਗੁਆ ਦੇਵਾਂਗੇ"—ਅੱਜ ਸਭ ਤੋਂ ਵੱਧ ਕਾਂਗਰਸ ਲਈ ਹੀ ਇੱਕ ਚੇਤਾਵਨੀ ਹਨ। ਕਾਂਗਰਸ ਨੂੰ ਲੋਕਤੰਤਰ ਦੀ ਦੁਹਾਈ ਦੇਣ ਤੋਂ ਪਹਿਲਾਂ ਆਪਣੇ ਇਤਿਹਾਸ, ਆਪਣੇ ਆਚਰਨ ਅਤੇ ਆਪਣੀ ਤੁਸ਼ਟੀਕਰਨ ਦੀ ਰਾਜਨੀਤੀ ਦਾ ਆਤਮ-ਮੰਥਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਐੱਸ.ਵਾਈ. ਕੁਰੈਸ਼ੀ ਦੀ ਕਿਤਾਬ ਦਾ ਇਹ ਖ਼ੁਲਾਸਾ ਕੇਵਲ ਇੱਕ ਸਿਆਸੀ ਘਟਨਾ ਨਹੀਂ, ਸਗੋਂ ਇਹ ਯਾਦ ਦਿਵਾਉਂਦਾ ਹੈ ਕਿ ਭਾਰਤ ਦੀ ਜਮਹੂਰੀਅਤ ਦੀ ਤਾਕਤ ਉਸ ਦੀਆਂ ਸੁਤੰਤਰ ਸੰਵਿਧਾਨਕ ਸੰਸਥਾਵਾਂ ਵਿੱਚ ਨਿਹਿਤ ਹੈ ਅਤੇ ਇਨ੍ਹਾਂ ਸੰਸਥਾਵਾਂ ਦਾ ਸਤਿਕਾਰ ਕਰਨਾ ਹਰ ਸਿਆਸੀ ਦਲ ਦੀ ਜ਼ਿੰਮੇਵਾਰੀ ਹੈ।

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ ਓਪੀਡੀ ਅੱਗੇ ਸੀਵਰੇਜ ਲੀਕ, ਮਰੀਜ਼ਾਂ ਨੂੰ ਗੰਦੇ ਪਾਣੀ ਵਿੱਚ ਖੜ੍ਹਨ ਲਈ ਹੋਣਾ ਪੈ ਰਿਹਾ ਮਜਬੂਰ





ਤਲਵੰਡੀ ਸਾਬੋ, 13 ਜੁਲਾਈ (ਗੁਰਜੰਟ ਸਿੰਘ ਨਥੇਹਾ)-ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ ਓਪੀਡੀ ਦੇ ਬਿਲਕੁਲ ਅੱਗੇ ਸੀਵਰੇਜ ਲੀਕ ਹੋਣ ਕਾਰਨ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹਸਪਤਾਲ ਵਿੱਚ ਇਲਾਜ ਲਈ ਆਉਣ ਵਾਲੇ ਲੋਕਾਂ ਨੂੰ ਗੰਦੇ ਪਾਣੀ ਵਿਚੋਂ ਲੰਘ ਕੇ ਲਾਈਨ ਵਿੱਚ ਖੜ੍ਹਨਾ ਪੈ ਰਿਹਾ ਹੈ, ਜਿਸ ਕਾਰਨ ਸਫ਼ਾਈ ਪ੍ਰਬੰਧਾਂ 'ਤੇ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ। ਸਥਾਨਕ ਲੋਕਾਂ ਨੇ ਦੱਸਿਆ ਕਿ ਓਪੀਡੀ ਅੱਗੇ ਲੀਕ ਹੋ ਰਿਹਾ ਸੀਵਰੇਜ ਕਈ ਦਿਨਾਂ ਤੋਂ ਸਮੱਸਿਆ ਬਣਿਆ ਹੋਇਆ ਹੈ, ਪਰ ਹਾਲੇ ਤੱਕ ਇਸ ਦਾ ਪੱਕਾ ਹੱਲ ਨਹੀਂ ਕੀਤਾ ਗਿਆ। ਬਜ਼ੁਰਗ ਮਰੀਜ਼ਾਂ, ਔਰਤਾਂ ਅਤੇ ਛੋਟੇ ਬੱਚਿਆਂ ਨੂੰ ਸਭ ਤੋਂ ਵੱਧ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਹਸਪਤਾਲ ਵਰਗੀ ਸੰਵੇਦਨਸ਼ੀਲ ਥਾਂ 'ਤੇ ਇਸ ਤਰ੍ਹਾਂ ਦੀ ਗੰਦਗੀ ਸਿਹਤ ਲਈ ਖ਼ਤਰਾ ਬਣ ਸਕਦੀ ਹੈ। ਹਸਪਤਾਲ ਵਿੱਚ ਮੌਜੂਦ ਕਈ ਮਰੀਜ਼ਾਂ ਨੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਜਿੱਥੇ ਇੱਕ ਪਾਸੇ ਸਿਹਤ ਸੇਵਾਵਾਂ ਵਿੱਚ ਸੁਧਾਰ ਦੇ ਦਾਅਵੇ ਕੀਤੇ ਜਾਂਦੇ ਹਨ, ਉੱਥੇ ਦੂਜੇ ਪਾਸੇ ਹਸਪਤਾਲ ਦੇ ਮੁੱਖ ਦਾਖ਼ਲਾ ਖੇਤਰ ਵਿੱਚ ਹੀ ਗੰਦਗੀ ਅਤੇ ਸੀਵਰੇਜ ਲੀਕ ਹੋਣਾ ਪ੍ਰਬੰਧਾਂ ਦੀ ਹਕੀਕਤ ਬਿਆਨ ਕਰਦਾ ਹੈ। ਉਨ੍ਹਾਂ ਮੰਗ ਕੀਤੀ ਕਿ ਤੁਰੰਤ ਸੀਵਰੇਜ ਦੀ ਮੁਰੰਮਤ ਕਰਵਾ ਕੇ ਖੇਤਰ ਦੀ ਸਫ਼ਾਈ ਯਕੀਨੀ ਬਣਾਈ ਜਾਵੇ। ਇਸ ਸਬੰਧੀ ਜਦੋਂ ਹਸਪਤਾਲ ਦੇ ਐਸਐਮਓ ਡਾ. ਰਵੀਕਾਂਤ ਗੁਪਤਾ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਵੱਲੋਂ ਸਮੱਸਿਆ ਦੇ ਹੱਲ ਲਈ ਲੋੜੀਂਦੇ ਕਦਮ ਚੁੱਕਣ ਦੀ ਗੱਲ ਕਹੀ ਗਈ। ਉਹਨਾਂ ਨੇ ਕਿਹਾ ਕਿ ਇਸ ਲਈ ਅਸੀਂ ਉੱਪਰ ਲਿਖ ਕੇ ਭੇਜ ਚੁੱਕੇ ਆਂ ਪਰ ਅਸੀਂ ਤੁਹਾਨੂੰ ਯਕੀਨ ਦਿਵਾਉਂਦੇ ਹਾਂ ਕਿ ਜਲਦੀ ਇਸ ਦਾ ਹੱਲ ਕੀਤਾ ਜਾਵੇਗਾ। ਇਲਾਕਾ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸਿਵਲ ਹਸਪਤਾਲ ਵਿੱਚ ਸਫ਼ਾਈ ਪ੍ਰਬੰਧਾਂ ਨੂੰ ਤੁਰੰਤ ਦਰੁਸਤ ਕਰਕੇ ਮਰੀਜ਼ਾਂ ਨੂੰ ਰਾਹਤ ਦਿੱਤੀ ਜਾਵੇ।

# ਅਮਨਦੀਪ ਹਸਪਤਾਲ ਤੇ ਉਜਾਲਾ ਸਿਗਨਸ ਵੱਲੋਂ ਨਿਊਰੋਸਰਜਰੀ ਓਪੀਡੀ ਲਈ ਪ੍ਰਸਿੱਧ ਸਰਜਨ ਡਾ: ਪਸਰੀਚਾ ਦਾ ਸਵਾਗਤ




ਫ਼ਿਰੋਜ਼ਪੁਰ, 13 ਜੁਲਾਈ (ਮਨੋਹਰ ਲਾਲ) :— ਵਿਸ਼ਵ ਪੱਧਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਮਜ਼ਬੂਤ ਕਰਦੇ ਹੋਏ ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਵਿਸ਼ੇਸ਼ ਨਿਊਰੋਸਰਜਰੀ ਆਊਟਪੇਸ਼ੈਂਟ ਸਲਾਹ ਮਸ਼ਵਰੇ ਅਤੇ ਇਨ ਪੇਸ਼ੈਂਟ ਡਿਪਾਰਟਮੈਂਟ ਤਹਿਤ ਗੰਭੀਰ ਮਰੀਜ਼ਾਂ ਨੂੰ ਦਾਖਲ ਕਰਕੇ ਇਲਾਜ ਤੇ ਸਰਜਰੀ ਦੀਆਂ ਸੇਵਾਵਾਂ ਦੇਣ ਦਾ ਐਲਾਨ ਕੀਤਾ ਹੈ। ਇਸ ਦੇ ਲਈ ਦੇਸ਼ ਦੇ ਉੱਘੇ ਦਿਮਾਗ ਅਤੇ ਰੀੜ੍ਹ ਦੀ ਹੱਡੀ ਦੇ ਸਰਜਨ ਡਾ: ਪੌਸ਼ ਪਸਰੀਚਾ ਆਪਣੀਆਂ ਮਾਹਿਰ ਸੇਵਾਵਾਂ ਪ੍ਰਦਾਨ ਕਰਨਗੇ। ਇਸ ਸਾਂਝੇਦਾਰੀ ਤਹਿਤ ਜਿੱਥੇ ਮਰੀਜ਼ਾਂ ਨੂੰ ਓ.ਪੀ.ਡੀ. ਰਾਹੀਂ ਡਾਕਟਰੀ ਸਲਾਹ ਮਿਲੇਗੀ, ਉੱਥੇ ਹੀ ਲੋੜਵੰਦ ਮਰੀਜ਼ਾਂ ਨੂੰ ਹਸਪਤਾਲ ਵਿੱਚ ਦਾਖਲ ਕਰਕੇ ਦਿਮਾਗ ਅਤੇ ਰੀੜ੍ਹ ਦੀ ਹੱਡੀ ਨਾਲ ਸਬੰਧਤ ਗੁੰਝਲਦਾਰ ਆਪਰੇਸ਼ਨਾਂ ਅਤੇ ਸਰਜਰੀਆਂ ਦੀ ਸਹੂਲਤ ਵੀ ਇੱਕੋ ਛੱਤ ਹੇਠ ਮੁਹੱਈਆ ਕਰਵਾਈ ਜਾਵੇਗੀ। ਡਾ: ਪੌਸ਼ ਪਸਰੀਚਾ ਦਿਮਾਗ ਅਤੇ ਰੀੜ੍ਹ ਦੀ ਹੱਡੀ ਦੇ ਵਿਕਾਰਾਂ ਦੇ ਇਲਾਜ ਵਿੱਚ ਅਸਾਧਾਰਨ ਮੁਹਾਰਤ ਰੱਖਦੇ ਹਨ। ਉਨ੍ਹਾਂ ਨੇ ਮੁੰਬਈ ਤੋਂ ਐਮ.ਬੀ.ਬੀ.ਐਸ ਅਤੇ ਨਿਊਰੋਸਰਜਰੀ ਵਿੱਚ ਵੱਕਾਰੀ ਡੀ.ਆਰ.ਐਨ.ਬੀ ਦੀ ਡਿਗਰੀ ਹਾਸਲ ਕੀਤੀ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਦੇਸ਼ ਦੇ ਪ੍ਰਸਿੱਧ ਟਾਟਾ ਮੈਮੋਰੀਅਲ ਹਸਪਤਾਲ ਤੋਂ ਨਿਊਰੋਆਨਕੋਲੋਜੀ (ਦਿਮਾਗ ਦੇ ਟਿਊਮਰ ਅਤੇ ਕੈਂਸਰ ਦੇ ਇਲਾਜ) ਵਿੱਚ ਫੈਲੋਸ਼ਿਪ ਅਤੇ ਆਸਟ੍ਰੀਆ ਤੋਂ ਵਿਸ਼ਵ ਪੱਧਰੀ ਡਬਲਯੂ.ਐਫ.ਐਨ.ਐਸ ਫੈਲੋਸ਼ਿਪ ਵੀ ਹਾਸਲ ਕੀਤੀ ਹੈ। ਉਨ੍ਹਾਂ ਦੀ ਇਹ ਉੱਚ ਪੱਧਰੀ ਸਿੱਖਿਆ ਅਤੇ ਵਿਆਪਕ ਤਜਰਬਾ ਉਨ੍ਹਾਂ ਨੂੰ ਦਿਮਾਗੀ ਟਿਊਮਰ, ਰੀੜ੍ਹ ਦੀ ਹੱਡੀ ਦੇ ਵਿਕਾਰ, ਸਿਰ ਦੀਆਂ ਸੱਟਾਂ, ਸਟ੍ਰੋਕ, ਨਰਵ ਕੰਪਰੈਸ਼ਨ ਸਿੰਡਰੋਮ, ਅਤੇ ਛੋਟੇ ਚੀਰੇ ਵਾਲੀ ਸਰਜਰੀ ਨਿਊਰੋਸਰਜੀਕਲ ਪ੍ਰਕਿਰਿਆਵਾਂ ਦੇ ਸਫਲ ਇਲਾਜ ਦੇ ਯੋਗ ਬਣਾਉਂਦਾ ਹੈ।

# 14 ਜੁਲਾਈ ਨੂੰ ਪੰਜ ਪੰਥਕ ਦਲਾਂ ਵੱਲੋਂ

## ਕੇਂਦਰੀ ਗ੍ਰਹਿ ਮੰਤਰੀ ਦੇ ਨਾ ਡਿਪਟੀ ਕਮਿਸ਼ਨਰਾਂ ਨੂੰ ਦਿੱਤਾ ਜਾਵੇਗਾ ਮੰਗ ਪੱਤਰ।



- 'ਪੰਜਾਬ 95' ਫਿਲਮ ਬਿਨਾਂ ਕਿਸੇ ਕੱਟ ਤੋਂ ਰਿਲੀਜ ਹੋਵੇ।
- ਸ. ਖਾਲੜਾ ਨੂੰ ਸ਼ਹੀਦ ਕਰਨ ਵਾਲੇ 'ਮੁਜਰਿਮ ਡੀ.ਐਸ.ਪੀ ਜਸਪਾਲ' ਨੂੰ ਲੱਭਿਆ ਜਾਵੇ।
- 1980-95 ਤੱਕ ਵਾਪਰੇ ਘਟਨਾਕ੍ਰਮ ਦੀ ਜਾਂਚ ਲਈ ਟਰੁੱਥ ਕਮਿਸ਼ਨ ਬਣਾਇਆ ਜਾਵੇ।
- ਸਾਰੇ 'ਬੰਦੀ ਸਿੰਘਾਂ' ਨੂੰ ਤੁਰੰਤ ਰਿਹਾਅ ਕੀਤਾ ਜਾਵੇ।

**ਸਮੂਹ ਸੰਗਤਾਂ ਹੁਮ-ਹੁਮਾ ਕੇ**
**11ਵਜੇ ਜਿਲ੍ਹਾ ਹੈਡਕੁਆਰਟਰਾਂ 'ਤੇ ਪਹੁੰਚਣ।**

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ

ਗਿਆਨੀ ਹਰਪ੍ਰੀਤ ਸਿੰਘ
(ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ),
ਜਥੇਦਾਰ ਭਾਈ ਜਸਬੀਰ ਸਿੰਘ ਰੋਡੇ (ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ),
ਸ. ਗੁਰਦੀਪ ਸਿੰਘ ਬਠਿੰਡਾ (ਪ੍ਰਧਾਨ ਯੁਨਾਈਟਡ ਅਕਾਲੀ ਦਲ),
ਸ. ਗੁਰਿੰਦਰ ਸਿੰਘ ਬਾਜਵਾ (ਪ੍ਰਧਾਨ ਬੇਗਮਪੁਰਾ ਖਾਲਸਾ ਰਾਜ ਪਾਰਟੀ)
ਭਾਈ ਮਨਦੀਪ ਸਿੰਘ (ਐਕਟਿੰਗ ਪ੍ਰਧਾਨ ਪੰਥਕ ਆਜਾਦ ਗਰੁੱਪ)

ਆਵਾਜ਼ਿ ਕੌਮ AWAZE QAUM

## ਇੱਕ ਨਜ਼ਰ...



## ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਛੀਨਾ ਵੱਲੋਂ ਉਸਾਰੀ ਅਧੀਨ ਹੈਲਥ ਸੈਂਟਰਾਂ ਦੀ ਕੀਤੀ ਜਾਂਚ

ਚੌਕ ਮਹਿਤਾ, 13 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰ ਗੁਰਸ਼ਰਨ ਸਿੰਘ ਛੀਨਾ ਵੱਲੋਂ ਜਿਲਾ ਅੰਮ੍ਰਿਤਸਰ ਵਿਖੇ, ਉਸਾਰੀ ਅਧੀਨ ਹੈਲਥ ਸੈਂਟਰਾਂ ਦੀਆ ਬਿਲਡਿੰਗਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਸਿਹਤ ਵਿਭਾਗ, ਪੀ.ਡਬਲਯੂ.ਡੀ., ਪੰਚਾਇਤੀ ਰਾਜ ਅਤੇ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਅਧਿਕਾਰੀ ਵੀ ਸ਼ਾਮਿਲ ਸਨ। ਇਸ ਮੌਕੇ ਤੇ ਉਹਨਾਂ ਨੇ ਆਖਿਆ ਕਿ ਜਿਲਾ ਅੰਮ੍ਰਿਤਸਰ ਵਿਖੇ ਬਹੁਤ ਸਾਰੇ ਹੈਲਥ ਐਂਡ ਵੈਲਨੈਸ ਸੈਂਟਰ ਅਤੇ ਆਮ ਆਦਮੀ ਕਲੀਨਿਕ ਉਸਾਰੀ ਅਧੀਨ ਹਨ, ਜਿਨਾਂ ਨੂੰ ਜਲਦ ਹੀ ਮੁਕੰਮਲ ਕਰਕੇ ਆਮ ਲੋਕਾਂ ਦੇ ਆਮ ਲੋਕਾਂ ਦੇ ਸਪੁਰਦ ਕੀਤਾ ਜਾਵੇਗਾ ਤਾਂ ਜੋ ਸਿਹਤ ਸਹੂਲਤਾਂ ਵਿੱਚ ਲਗਾਤਾਰ ਵਾਧਾ ਕੀਤਾ ਜਾ ਸਕੇ। ਉਹਨਾਂ ਆਖਿਆ ਕਿ ਆਮ ਆਦਮੀ ਸਰਕਾਰ ਲੋਕਾਂ ਦੀ ਨਿਰੋਈ ਸਿਹਤ ਲਈ ਵਚਨਬੱਧ ਹੈ ਇਸ ਲਈ ਇਹਨਾਂ ਸੈਂਟਰਾਂ ਨੂੰ ਜਲਦ ਹੀ ਮੁਕੰਮਲ ਕਰਕੇ ਚਾਲੂ ਕੀਤਾ ਜਾਵੇਗਾ। ਇਸ ਮੌਕੇ ਉਹਨਾਂ ਨੇ ਹਰਸ਼ਾ ਛੀਨਾ, ਕੁਹਾਲੀ, ਝੰਝੋਟੀ, ਅਦਲੀਵਾਲ ਅਤੇ ਜਗਦੇਵ ਕਲਾ ਵਿਖੇ ਤਿਆਰ ਕੀਤੇ ਜਾ ਰਹੇ ਹੈ ਹੈਲਥ ਸੈਂਟਰਾਂ ਦੀ ਜਾਂਚ ਕਰਦੇ ਹੋਏ ਉਹਨਾਂ ਵਿੱਚ ਕਮੀਆਂ ਪੇਸ਼ੀਆਂ ਨੂੰ ਤੁਰੰਤ ਠੀਕ ਕਰਨ ਲਈ ਕਿਹਾ ਗਿਆ ਅਤੇ ਜਲਦ ਤੋਂ ਜਲਦ ਮੁਕੰਮਲ ਕਰਨ ਦੇ ਦਿਸ਼ਾਨਿਰਦੇਸ਼ ਦਿੱਤੇ ਗਏ। ਇਸ ਅਵਸਰ ਤੇ ਸਿਵਲ ਸਰਜਨ ਡਾ ਰਸ਼ਮੀ ਵਿੱਜ, ਜਿਲਾ ਐਮ.ਈ.ਆਈ.ਓ ਅਮਰਦੀਪ ਸਿੰਘ, ਡਾ ਵਨੀਤ ਕੌਰ, ਪੀਏ ਅਮਿਤ ਸਹਿਗਲ, ਐੱਸਡੀਓ ਪੀਐੱਚਐੱਸਸੀ ਹਰਪ੍ਰੀਤ ਸਿੰਘ, ਐੱਸਡੀਓ ਪੰਚਾਇਤੀ ਰਾਜ ਪਰਮਜੀਤ ਸਿੰਘ, ਐੱਸਐੱਮਓ ਰਮਦਾਸ ਨੋਬਲ ਭਾਟੀਆ, ਬਲਾਕ ਐਜੂਕੇਟਰ ਰੁਪਿੰਦਰ ਸਿੰਘ ਗੋਲਡੀ ਅਤੇ ਜਗਦੀਪ ਸਿਘ ਸਮੇਤ ਸਮੂਹ ਅਧਿਕਾਰੀ ਅਤੇ ਕਰਮਚਾਰੀ ਹਾਜਰ ਸਨ।

## ਪਿੰਡ ਨਿੱਜਰਪੁਰਾ ਤੇ ਅਮਰਕੋਟ ਵਿਖੇ ਲੋਕ ਮਿਲਣੀਆਂ ਕਰਕੇ ਈ.ਟੀ.ਓ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

### ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਘਰ-ਘਰ ਤੱਕ ਪਹੁੰਚਣ ਵਾਲਾ ਪ੍ਰਸ਼ਾਸਨ ਮੁਹੱਈਆ ਕਰਵਾ ਰਹੀ ਹੈ - ਹਰਭਜਨ ਸਿੰਘ ਈ.ਟੀ.ਓ.



ਜੰਡਿਆਲਾ ਗੁਰੂ 13 ਜੁਲਾਈ:( ਕੁਲਵੰਤ ਸਿੰਘ ਵਿਰਦੀ ) ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਆਪਣੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਨਿੱਜਰਪੁਰਾ ਅਤੇ ਅਮਰਕੋਟ ਵਿਖੇ ਲੋਕ ਮਿਲਣੀਆਂ ਕਰਕੇ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਦੋਵੇਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ ਅਤੇ ਉਨ੍ਹਾਂ ਨੇ ਆਪਣੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮੰਗਾਂ ਅਤੇ ਮੁੱਦੇ ਕੈਬਨਿਟ ਮੰਤਰੀ ਦੇ ਧਿਆਨ ਵਿੱਚ ਲਿਆਂਦੇ ।ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਲੋਕਾਂ ਦੀਆਂ ਸ਼ਿਕਾਇਤਾਂ ਅਤੇ ਮੰਗਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਅਤੇ ਹਰੇਕ ਜਾਇਜ਼ ਸਮੱਸਿਆ ਦਾ ਸਮੇਂਬੱਧ ਹੱਲ ਯਕੀਨੀ ਬਣਾਉਣ ਲਈ ਕਿਹਾ ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਲੋਕ ਮਿਲਣੀ ਪ੍ਰੋਗਰਾਮ ਦਾ ਮੁੱਖ ਉਦੇਸ਼ ਸਰਕਾਰ ਨੂੰ ਲੋਕਾਂ ਦੇ ਘਰਾਂ ਤੱਕ ਲਿਜਾਣਾ ਅਤੇ ਆਮ ਲੋਕਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਬਿਨਾਂ ਕਿਸੇ ਦੇਰੀ ਤੋਂ ਕਰਨਾ ਹੈ। ਉਨ੍ਹਾਂ ਦੱਸਿਆ ਕਿ ਉਹ ਰੋਜ਼ਾਨਾ ਆਪਣੇ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਸਿੱਧਾ ਸੰਵਾਦ ਕਰ ਰਹੇ ਹਨ, ਜਿਸ ਨਾਲ ਲੋਕਾਂ ਦੀਆਂ ਸਮੱਸਿਆਵਾਂ ਮੌਕੇ 'ਤੇ ਹੀ ਹੱਲ ਹੋ ਰਹੀਆਂ ਹਨ ।ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮ ਰਾਹੀਂ ਨਾ ਸਿਰਫ਼ ਲੋਕਾਂ ਦੀਆਂ ਨਿੱਜੀ ਅਤੇ ਜਨਤਕ ਸਮੱਸਿਆਵਾਂ ਦਾ ਹੱਲ ਕੀਤਾ ਜਾ ਰਿਹਾ ਹੈ, ਸਗੋਂ ਪਿੰਡਾਂ ਦੇ ਵਿਕਾਸ ਸਬੰਧੀ ਲੋੜਾਂ ਅਤੇ ਲੋਕਾਂ ਤੋਂ ਕੀਮਤੀ ਸੁਝਾਅ ਵੀ ਪ੍ਰਾਪਤ ਹੋ ਰਹੇ ਹਨ। ਇਨ੍ਹਾਂ ਸੁਝਾਵਾਂ ਦੇ ਆਧਾਰ 'ਤੇ ਵਿਕਾਸ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਮੁਹਿੰਮ ਤਹਿਤ ਹਲਕੇ ਦੇ ਹਰ ਪਿੰਡ ਨੂੰ ਕਵਰ ਕੀਤਾ ਜਾਵੇਗਾ ਤਾਂ ਜੋ ਕਿਸੇ ਵੀ ਵਿਅਕਤੀ ਨੂੰ ਆਪਣੀ ਸਮੱਸਿਆ ਲੈ ਕੇ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ ।ਇਸ ਮੌਕੇ ਸ. ਹਰਭਜਨ ਸਿੰਘ ਈ.ਟੀ.ਓ. ਨੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਘਰ-ਘਰ ਤੱਕ ਪਹੁੰਚਣ ਵਾਲਾ ਪ੍ਰਸ਼ਾਸਨ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਕਾਰਨ ਲੋਕਾਂ ਦਾ ਭਰੋਸਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਲੋਕਾਂ ਦੀ ਸੇਵਾ ਇਸੇ ਤਨਦੇਹੀ ਨਾਲ ਜਾਰੀ ਰਹੇਗੀ।

## ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪਾਠਾਂ ਦੇ ਭੋਗ ਉਪਰੰਤ ਛਬੀਲ ਅਤੇ ਅਤੁੱਟ ਲੰਗਰ ਲਗਾਇਆ ਗਿਆ : ਰਜਿੰਦਰ ਸਿੰਘ ਸਾਂਘਾ



ਚੌਕ ਮਹਿਤਾ, 13 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਕਲਯੁਗੀ ਜੀਵਾਂ ਨੂੰ ਆਵਾ ਗਮਨ ਦੇ ਚੱਕਰ ਤੋ ਮੁਕਤ ਕਰਨ ਵਾਲੇ ,84 ਲੱਖ ਮਨੁੱਖੀ ਜੂਨਾਂ ਦਾ ਪਾਰ ਉਤਾਰਾ ਕਰਨ ਵਾਲੇ ਸ਼ਹੀਦਾਂ ਦੇ ਸਿਰਤਾਜ, ਬਾਣੀ ਦੇ ਬੋਹਿਤ, ਨਾਂਮ ਕੇ ਜਹਾਜ਼, ਸ਼ਾਂਤੀ ਦੇ ਪੁੰਜ, ਸ੍ਰੀ ਸੁਖਮਨੀ ਸਾਹਿਬ ਜੀ ਦੇ ਰਚੇਤਾ ਪੰਜਵੀਂ ਪਾਤਿਸ਼ਾਹੀ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਗੁਰੂ ਅਰਜਨ ਦੇਵ ਸੇਵਾ ਸੁਸਾਇਟੀ ਦੇ ਛੇ ਤੋਂ ਨੌਂ ਸਾਲ ਦੇ ਨਿਕੜਿਆਂ ਵਲੋਂ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਅਤੁੱਟ ਲੰਗਰ ਦਾ ਉਪਰਾਲਾ ਕਰਕੇ ਆਪਣੇ ਮਾਤਾ ਪਿਤਾ, ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਨੂੰ ਵੀ ਸੋਚਣ ਲਈ ਮਜਬੂਰ ਕਰ ਦਿੱਤਾ ਕਿ ਮਨ ਵਿਚ ਕੁਝ ਵੀ ਕਰਨ ਦੀ ਚਾਹਤ ਹੋਵੇ ਤਾਂ ਉਮਰ ਕੋਈ ਮਾਇਨੇ ਨਹੀਂ ਰੱਖਦੀ। ਤਰਨ ਤਾਰਨ ਰੋਡ ਸਥਿਤ ਸੰਤ ਮਿਸ਼ਰਾ ਸਿੰਘ ਕਲੋਨੀ ਵਿਖੇ ਛੋਟੀ ਛੋਟੀ ਉਮਰ ਦੇ ਬੱਚਿਆਂ ਵੱਲੋਂ ਜੁਗੋ ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸੰਗਤ ਰੂਪੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਉਪਰੰਤ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕੇ ਅਤੁੱਟ ਲੰਗਰ ਲਗਾਇਆ ਗਿਆ। ਬੇਸ਼ੱਕ ਬੀਤੀ ਰਾਤ ਤੋਂ ਹੀ ਪੈ ਰਹੀ ਮੋਹਲੇਧਾਰ ਬਰਸਾਤ ਅਤੇ ਤੇਜ ਤੂਫਾਨ ਅਤੇ ਝੱਖੜ ਦਾ ਵੀ ਨਿਕੜੇ ਨਿਕੜੇ ਬਾਲਾਂ ਦੇ ਉਤਸ਼ਾਹ ਵਿਚ ਲਗਾਤਾਰ ਵਾਧਾ ਕਰਦਾ ਗਿਆ ਉਥੇ ਅਕਾਸ਼ ਗੂੰ ਜਾਊ ਜੈਕਾਰਿਆਂ ਨਾਲ ਵਾਤਾਵਰਨ ਵੀ ਸ਼ੁੱਧ ਹੋ ਗਿਆ ।ਜ਼ਿਕਰਯੋਗ ਹੈ ਕਿ ਛੋਟੀ ਉਮਰੇ ਵੱਡੀਆਂ ਪੁਲਾਂਘਾਂ ਭਰਨ ਵਾਲੇ ਛੇ, ਅੱਠ ਦਸ ਸਾਲ ਦੇ ਬੱਚਿਆਂ ਨੂੰ ਮਾਤਾ ਪਿਤਾ ਵੱਲੋਂ ਮਿਲਣ ਵਾਲੀ ਰੋਜ਼ਾਨਾ ਰਾਸ਼ੀ ਦੇ ਦਸਵੰਧ ਵਿਚੋਂ ਸਾਰਾ ਸਾਲ ਪਾਈ ਪਾਈ ਜੋੜ ਕੇ ਬਿਨਾਂ ਕੋਈ ਉਘਰਾਹੀ ਕੀਤਿਆਂ ਦੂਸਰੀ ਵਾਰ ਛਬੀਲ ਅਤੇ ਅਤੁੱਟ ਲੰਗਰ ਦਾ ਪ੍ਰਬੰਧ ਕੀਤਾ ਗਿਆ। ਬੱਚਿਆਂ ਦੇ ਇਸ ਨੇਕ ਕਾਰਜ ਵਿੱਚ ਮਾਤਾ ਪਿਤਾ ਅਤੇ ਇਲਾਕਾ ਨਿਵਾਸੀਆਂ ਨੇ ਵਧ ਚੜ੍ਹ ਕੇ ਸਹਿਯੋਗ ਦਿੱਤਾ। ਛੋਟੀ ਉਮਰ ਦੇ ਬੱਚਿਆਂ ਵੱਲੋਂ ਕੀਤੇ ਗਏ ਇਸ ਨੇਕ ਕਾਰਜ ਦੀ ਚੁਫੇਰਿਓਂ ਪ੍ਰਸ਼ੰਸਾ ਹੋ ਰਹੀ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਭੈ ਸਿੰਘ, ਮਨਮੀਤ ਸਿੰਘ, ਮਹਿਕਪ੍ਰੀਤ ਸਿੰਘ ਵਾਹਿਨੂਰ ਸਿੰਘ ਅਸੀਸ, ਦੀਪਜੋਤ ਸਿੰਘ, ਜੁਗਰਾਜਦੀਪ ਸਿੰਘ ,ਇਸ਼ਪਰੀਤ ਸਿੰਘ, ਤਨਵੀਰ ਸਿੰਘ, ਸ਼ਿਵਰਾਜ ਦੀਪ ਸਿੰਘ , ਹਰਕੀਰਤ ਸਿੰਘ ਜਸਲੀਨ ਕੌਰ ਸਹਿਯੋਗੀ ਸ੍ ਰਣਜੀਤ ਸਿੰਘ, ਅਮਰੀਕ ਸਿੰਘ, ਜਤਿੰਦਰ ਸਿੰਘ, ਅਮਰਿੰਦਰ ਸਿੰਘ,ਲੱਕੀ ਵੀਰ ਜੀ, ਭੁਪਿੰਦਰ ਸਿੰਘ, ਕਰਨਪ੍ਰੀਤ ਸਿੰਘ,ਵੀਰ ਆਦਿ ਹਾਜ਼ਰ ਸਨ।

## ਜੰਡਿਆਲਾ ਪ੍ਰੈਸ ਕਲੱਬ ਦੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ ਨੇ ਪਿੰਡ ਮੱਲ੍ਹੀਆ ਵਿਖੇ ਸਹਿਰ ਵਾਸੀ ਤੇ ਦਾਨੀ ਸੱਜਣਾ ਦੇ ਸਹਿਯੋਗ ਨਾਲ 20 ਹਜਾਰ ਰੁ: ਦੀ ਰਾਸ਼ੀ ਭੇਟ ਕੀਤੀ

### ਕੈਬਨਿਟ ਮੰਤਰੀ ਈ ਟੀ ਓ ਤੇ ਦਾਨੀ ਸੱਜਣ ਫੜਨ ਗਰੀਬ ਦੀ ਬਾਂਹ ਮਲਹੋਤਰਾ ਨੇ ਕੀਤੀ ਅਪੀਲ , ਛੱਤ ਡਿੱਗਣ ਨਾਲ ਮਲਬੇ ਹੇਠ ਆਇਆ ਸਮਾਨ



ਜੰਡਿਆਲਾ ਗੁਰੂ 13 ਜੁਲਾਈ ( ਪੱਤਰ ਪ੍ਰੇਰਕ ) ਬੀਤੇ ਦਿਨੀਂ ਹਲਕਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਮਲੀਆਂ ਵਿਖੇ ਇਕ ਗਰੀਬ ਪਰਿਵਾਰ ਦੇ ਮਕਾਨ ਦੀ ਛੱਤ ਡਿੱਗਣ ਨਾਲ ਮਕਾਨ ਵਿਚ ਰਹਿੰਦੀ ਵਿਧਵਾ ਗੁਰਮੀਤ ਕੌਰ (ਪਤਨੀ ਸਵ ਸੁਬੇਗ ਸਿੰਘ) ਅਤੇ ਓਹਨਾਂ ਦੀ ਇਕ ਵਿਆਹੁਤਾ ਬੇਟੀ ਅਤੇ ਤਿੰਨ ਬੱਚੇ ਮਲਬੇ ਹੇਠ ਆਉਣ ਨਾਲ ਗੰਭੀਰ ਰੂਪ ਵਿੱਚ ਜਖਮੀ ਹੋ ਗਏ ਅਤੇ ਪਿੰਡ ਵਾਸੀਆਂ ਵਲੋਂ ਓਹਨਾਂ ਨੂੰ ਜੇਰੇ ਇਲਾਜ ਲਈ ਪਹਿਲਾਂ ਮਾਨਾਂਵਾਲ ਵਿਖੇ ਲਿਜਾਇਆ ਗਿਆ ਜਿਥੇ ਕਿ ਡਾਕਟਰਾਂ ਵੱਲੋਂ ਉਨਾਂ ਨੂੰ ਗੁਰੂ ਨਾਨਕ ਦੇਵ ਹਸਪਤਾਲ ਰੈਫਰ ਕਰ ਦਿੱਤਾ ਗਿਆ । ਪੀੜਤ ਪਰਿਵਾਰ ਵਲੋ ਮੀਡੀਆ ਰਾਹੀਂ ਪੰਜਾਬ ਸਰਕਾਰ, ਐਨ ਆਰ ਆਈ ਵੀਰਾਂ ਅਤੇ ਹੋਰ ਦਾਨੀ ਸੱਜਣਾਂ ਕੋਲੋਂ ਮਦਦ ਦੀ ਗੁਹਾਰ ਲਗਾਈ ਗਈ ਸੀ। ਸ਼ੋਸ਼ਲ ਮੀਡੀਆ ਤੇ ਪੀੜਤ ਪਰਿਵਾਰ ਦੀਆਂ ਖਬਰਾਂ ਵਾਇਰਲ ਹੋਣ ਤੋਂ ਬਾਅਦ ਪੀੜਤ ਪਰਿਵਾਰ ਲਈ ਸਹਾਇਤਾ ਰਾਸ਼ੀ ਵੀਹ ਹਜਾਰ ਰੁਪਏ ਲੈਕੇ ਪਹੁੰਚੇ ਸ੍ ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ ਨੇ ਦਸਿਆ ਕਿ ਜੰਡਿਆਲਾ ਗੁਰੂ ਸ਼ਹਿਰ ਵਿੱਚ ਇਹ ਖਬਰ ਵਾਇਰਲ ਹੋਣ ਤੇ ਸ਼ਹਿਰ ਦੇ ਕੁਝ ਦਾਨੀ ਸੱਜਣਾ ਨੇ ਆਪਣੀ ਕਿਰਤ ਕਮਾਈ ਵਿਚੋਂ ਦਸਵੰਦ ਕੱਢਦੇ ਹੋਏ ਓਹਨਾਂ ਦੀ ਜਿੰਮੇਵਾਰੀ ਲਗਾਂਓਂਦੇ ਹੋਏ ਓਹਨਾਂ ਦੇ ਖਾਤੇ ਚ ਪੈਸੇ ਪਾਉਨੇ ਸ਼ੁਰੂ ਕਰ ਦਿੱਤੇ ਜੋ ਅੱਜ ਪਰਿਵਾਰ ਨੂੰ ਵੀਹ ਹਜ਼ਾਰ ਰੁਪਏ ਸੌਂਪ ਦਿੱਤੇ ਗਏ ਹਨ ।ਮਲਹੋਤਰਾ ਨੇ ਕਿਹਾ ਕਿ ਖਬਰਾਂ ਚ ਸਿਰਫ ਲਿਖਣ ਜਾਂ ਖਬਰਾਂ ਨੂੰ ਦੇਖਣ ਨਾਲ ਹਾਲਾਤਾਂ ਦਾ ਪਤਾ ਨਹੀਂ ਲਗਦਾ ਮੌਕੇ ਤੇ ਜਾਕੇ ਦੇਖਣ ਨਾਲ ਹਿਰਦੇ ਵਲੂੰਧਰੇ ਜਾਂਦੇ ਹਨ ਕਿ ਇਸ ਘਰ ਦੀ ਛੱਤ ਡਿੱਗਣ ਨਾਲ ਜਿੱਥੇ ਪ੍ਰੀਵਾਰ ਜਖਮੀ ਹੋਇਆ ਉੱਥੇ ਘਰ ਚ ਪਿਆ ਸਮਾਨ ਮੰਜੇ ਬੈਡ ਅਲਮਾਰੀ ਆਦਿ ਘਰੇਲੂ ਸਮਾਨ ਵੀ ਮਲਬੇ ਹੇਠ ਆ ਗਿਆ ।ਓਹਨਾਂ ਨੇ ਸਾਰੇ ਪੱਤਰਕਾਰ ਵੀਰਾਂ ਦਾ ਜਿਨ੍ਹਾਂ ਨੇ ਇਸ ਖਬਰ ਨੂੰ ਉਜਾਗਰ ਕੀਤਾ ਹੈ ਉਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਲੋਕਤੰਤਰ ਦੇ ਚੋਥੇ ਥੰਮ ਮੀਡੀਆ ਦਾ ਮੁੱਖ ਮਕਸਦ ਹੀ ਇਹ ਹੈ ਕਿ ਕਿਸੇ ਲੋੜਵੰਦ ਵਿਅਕਤੀ ਦੀ ਆਵਾਜ਼ ਨੂੰ ਸਰਕਾਰੇ ਦਰਬਾਰੇ, ਸਬੰਧਤ ਅਧਿਕਾਰੀ ਜਾਂ ਦਾਨੀ ਸੱਜਣਾ ਤੱਕ ਪਹੁੰਚਾਉਣਾ ਹੁੰਦਾ ਹੈ ।ਮਲਹੋਤਰਾ ਨੇ ਦਸਿਆ ਕਿ ਪੈਨਸ਼ਨ ਦੇ ਸਹਾਰੇ ਆਪਣਾ ਗੁਜਾਰਾ ਕਰ ਰਹੀ ਗਰੀਬ ਵਿਧਵਾ ਔਰਤ ਜਿਸਦਾ ਕੋਈ ਪੁੱਤਰ ਵੀ ਨਹੀਂ ਹੈ ਲਈ ਦੁਬਾਰਾ ਮਕਾਨ ਦੀ ਛੱਤ ਅਤੇ ਟੁੱਟਿਆ ਸਮਾਨ ਜੋੜਨਾ ਇਕ ਮੁਸ਼ਕਿਲ ਸਮਾਂ ਹੈ । ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ ਨੇ ਪੰਜਾਬ ਸਰਕਾਰ, ਐਨ ਆਰ ਆਈ ਵੀਰਾਂ, ਦਾਨੀ ਸੱਜਣਾ ਅਤੇ ਵਿਸ਼ੇਸ਼ ਤੌਰ ਤੇ ਹਲਕੇ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਕੋਲੋ ਮੰਗ ਕੀਤੀ ਕਿ ਕ੍ਰਿਪਾ ਕਰਕੇ ਇਸ ਗਰੀਬ ਲੋੜਵੰਦ ਪਰਿਵਾਰ ਦੀ ਵੱਧ ਤੋਂ ਵੱਧ ਮਦਦ ਕੀਤੀ ਜਾਵੇ ਤਾਂ ਜੋ ਉਹ ਫਿਰ ਤੋਂ ਆਪਣੇ ਪਰਿਵਾਰ ਦਾ ਪਾਲਨ ਪੋਸ਼ਣ ਸਹੀ ਤਰੀਕੇ ਨਾਲ ਕਰ ਸਕਣ । ਇਸ ਦੌਰਾਨ ਸਹਾਇਤਾ ਰਾਸ਼ੀ ਲੈਣ ਦੌਰਾਨ ਪਰਿਵਾਰ ਦੀ ਬਜੁਰਗ ਔਰਤ ਨੇ ਰੌਂਦੀ ਹੋਈ ਨੇ ਜੰਡਿਆਲਾ ਗੁਰੂ ਦੇ ਦਾਨੀ ਸੱਜਣਾ ਵੱਲੋ ਭੇਜੀ ਮਦਦ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਗਿਆ ਅਤੇ ਦੱਸਿਆ ਕਿ ਬੇਟੀ ਦੇ ਬੱਚਿਆ ਦੇ ਸਿਰਾਂ ਵਿੱਚ ਗੰਭੀਰ ਸੱਟਾਂ ਲੱਗ ਗਈਆਂ ਅਤੇ ਮੇਰੀ ਬੇਟੀ ਦੇ ਲੱਕ ਦੀ ਰੀੜ੍ਹ ਦੀ ਹੱਡੀ ਨੂੰ ਸੱਟ ਜਿਆਦਾ ਲੱਗਣ ਕਾਰਨ ਡਾਕਟਰਾਂ ਨੇ ਬੈਡ ਰੈਸਟ ਦੱਸੀ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਪੱਤਰਕਾਰ ਕੁਲਵੰਤ ਸਿੰਘ ਵਿਰਦੀ, ਗੁਰਦੇਵ ਸਿੰਘ ਮੱਲ੍ਹੀ , ਇੰਦਰਜੀਤ ਮਹਿਤਾ ਆਦਿ ਨੇ ਹਾਜਰ ਮੌਕੇ ਪ੍ਰੀਵਾਰ ਦਾ ਜਾਣਿਆ ਹਾਲ ਸਿਹਤ ਤੰਦਰੁਸਤੀ ਲਈ ਪ੍ਰਮਾਤਮਾ ਦੇ ਚਰਨਾਂ ਚ ਅਰਦਾਸ ਬੇਨਤੀ ਕੀਤੀ !

## ਜੰਡਿਆਲਾ ਗੁਰੂ ਵਿਖੇ ਬਣ ਰਹੀ ਸਾਈਡ ਡਰੇਨ ਦੇ ਕੰਮ ਦਾ ਕੈਬਨਿਟ ਮੰਤਰੀ ਈ.ਟੀ.ਓ. ਨੇ ਲਿਆ ਜਾਇਜ਼ਾ

### ਛੇ ਮਹੀਨਿਆਂ ਵਿੱਚ ਮੁਕੰਮਲ ਕੀਤਾ ਜਾਵੇਗਾ ਪ੍ਰੋਜੈਕਟ, ਬਰਸਾਤਾਂ ਦੌਰਾਨ ਪਾਣੀ ਖੜ੍ਹਨ ਦੀ ਸਮੱਸਿਆ ਤੋਂ ਮਿਲੇਗੀ ਰਾਹਤ



ਜੰਡਿਆਲਾ ਗੁਰੂ 13 ਜੁਲਾਈ: ( ਕੁਲਵੰਤ ਸਿੰਘ ਵਿਰਦੀ ) ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ੍ਰ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਜੰਡਿਆਲਾ ਗੁਰੂ ਸ਼ਹਿਰ ਵਿਖੇ ਨੈਸ਼ਨਲ ਹਾਈਵੇ ਦੇ ਨਾਲ-ਨਾਲ ਪਾਣੀ ਦੇ ਸੁਚਾਰੂ ਨਿਕਾਸ ਲਈ ਬਣਾਈ ਜਾ ਰਹੀ ਸਾਈਡ ਡਰੇਨ ਦੇ ਕੰਮ ਦਾ ਮੌਕੇ 'ਤੇ ਪਹੁੰਚ ਕੇ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਕੰਮ ਨਿਰਧਾਰਤ ਸਮੇਂ ਅੰਦਰ ਅਤੇ ਉੱਚ ਗੁਣਵੱਤਾ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ।ਕੈਬਨਿਟ ਮੰਤਰੀ ਸ੍ਰ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ "ਆਫ ਸਾਈਡ ਡਰੇਨ ਅਲੋਂਗ ਫਲਾਈਓਵਰ ਐਟ ਜੰਡਿਆਲਾ ਗੁਰੂ, ਜ਼ਿਲ੍ਹਾ ਅੰਮ੍ਰਿਤਸਰ" ਪ੍ਰੋਜੈਕਟ ਨੂੰ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ (ਐਨ.ਐਚ.ਏ.ਆਈ.) ਵੱਲੋਂ 5 ਮਾਰਚ 2026 ਨੂੰ 9.31 ਕਰੋੜ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਪ੍ਰਾਪਤ ਹੋਈ ਸੀ। ਇਸ ਪ੍ਰੋਜੈਕਟ ਅਧੀਨ 9.31 ਕਰੋੜ ਰੁਪਏ ਦੀ ਲਾਗਤ ਨਾਲ ਸਾਈਡ ਡਰੇਨ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਨੂੰ ਛੇ ਮਹੀਨਿਆਂ ਦੀ ਸਮਾਂ ਸੀਮਾ ਅੰਦਰ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ ਵਿਖੇ ਜੀ.ਟੀ. ਰੋਡ 'ਤੇ ਬਰਸਾਤਾਂ ਦੌਰਾਨ ਪਾਣੀ ਖੜ੍ਹਨ ਕਾਰਨ ਲੋਕਾਂ ਨੂੰ ਕਾਫੀ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਸਾਈਡ ਡਰੇਨ ਬਣਨ ਉਪਰੰਤ ਬਰਸਾਤੀ ਪਾਣੀ ਦਾ ਨਿਕਾਸ ਸੁਚਾਰੂ ਢੰਗ ਨਾਲ ਹੋਵੇਗਾ ਅਤੇ ਅੱਡਾ ਸਰਾਂ ਸਮੇਤ ਆਲੇ-ਦੁਆਲੇ ਦੇ ਦੁਕਾਨਦਾਰਾਂ, ਰਾਹਗੀਰਾਂ ਅਤੇ ਸਥਾਨਕ ਵਸਨੀਕਾਂ ਨੂੰ ਇਸ ਲੰਬੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਸੂਬੇ ਭਰ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਹਿੱਤ ਨਾਲ ਜੁੜੇ ਹਰ ਪ੍ਰੋਜੈਕਟ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕਰਨਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।

## ਇੱਕ ਨਜ਼ਰ ...



# ਰਾਜੌਰੀ ਗਾਰਡਨ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ ਨੇ ਸੇਵਾ ਦੇ 11 ਸਾਲ ਕੀਤੇ ਪੂਰੇ, ਸੰਗਤ ਨੇ ਦਿੱਤੀਆਂ ਵਧਾਈਆਂ

ਨਵੀਂ ਦਿੱਲੀ 13 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ, ਰਾਜੌਰੀ ਗਾਰਡਨ ਦੇ ਪ੍ਰਧਾਨ ਸਰਦਾਰ ਹਰਮਨਜੀਤ ਸਿੰਘ ਨੇ ਸੇਵਾ ਦੇ 11 ਸਾਲ ਪੂਰੇ ਕਰ ਲਏ ਹਨ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ, ਅਹੁਦੇਦਾਰਾਂ, ਮੈਂਬਰਾਂ ਅਤੇ ਸੰਗਤ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਕਿ ਉਹ ਅੱਗੇ ਵੀ ਇਸੇ ਸਮਰਪਣ ਨਾਲ ਸੇਵਾ ਕਰਦੇ ਰਹਿਣ। ਇਨ੍ਹਾਂ 11 ਸਾਲਾਂ ਦੌਰਾਨ ਗੁਰਦੁਆਰਾ ਸਾਹਿਬ ਵਿੱਚ ਧਾਰਮਿਕ, ਸਮਾਜਿਕ ਅਤੇ ਲੋਕ ਭਲਾਈ ਨਾਲ ਜੁੜੀਆਂ ਸੇਵਾਵਾਂ ਦਾ ਲਗਾਤਾਰ ਵਿਸਥਾਰ ਹੋਇਆ ਹੈ। ਨਿਯਮਿਤ ਕੀਰਤਨ ਦਰਬਾਰ, ਗੁਰਮਤਿ ਸਮਾਗਮ ਅਤੇ ਵਿਸ਼ੇਸ਼ ਦੀਵਾਨਾਂ ਰਾਹੀਂ ਗੁਰਬਾਣੀ ਅਤੇ ਸਿੱਖ ਇਤਿਹਾਸ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ। ਨੌਜਵਾਨਾਂ ਅਤੇ ਬੱਚਿਆਂ ਨੂੰ ਗੁਰੂ ਘਰ ਨਾਲ ਜੋੜਨ ਲਈ ਧਾਰਮਿਕ ਤੇ ਸੱਭਿਆਚਾਰਕ ਗਤੀਵਿਧੀਆਂ ਵੀ ਨਿਰੰਤਰ ਕਰਵਾਈਆਂ ਜਾਂਦੀਆਂ ਹਨ। ਗੁਰਦੁਆਰਾ ਸਾਹਿਬ ਦੀ ਡਿਸਪੈਂਸਰੀ ਵਿੱਚ ਤਜਰਬੇਕਾਰ ਡਾਕਟਰਾਂ ਵੱਲੋਂ ਓਪੀਡੀ ਸੇਵਾਵਾਂ, ਰਿਆਇਤੀ ਇਲਾਜ ਅਤੇ 'ਗੁਰੂ ਨਾਨਕ ਮੋਦੀਖਾਨਾ' ਰਾਹੀਂ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਕਮੇਟੀ ਅਧੀਨ ਚੱਲ ਰਹੇ ਸਕੂਲ ਵਿੱਚ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਨਾਲ ਸੰਸਕਾਰ ਵੀ ਦਿੱਤੇ ਜਾ ਰਹੇ ਹਨ। ਸੰਗਤ ਦੀ ਸਹੂਲਤ ਲਈ ਅੰਮ੍ਰਿਤਸਰ ਵਿੱਚ "ਚਾਰ ਸਾਹਿਬਜ਼ਾਦੇ ਸਰਾਂ" ਦਾ ਨਿਰਮਾਣ ਵੀ ਜਾਰੀ ਹੈ, ਜਿਸ ਨਾਲ ਸ੍ਰੀ ਅੰਮ੍ਰਿਤਸਰ ਸਾਹਿਬ ਆਉਣ ਵਾਲੀ ਸੰਗਤ ਨੂੰ ਸਸਤੀ ਅਤੇ ਸਨਮਾਨਜਨਕ ਰਿਹਾਇਸ਼ ਮਿਲੇਗੀ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਸਰਦਾਰ ਹਰਮਨਜੀਤ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਨੇ ਧਾਰਮਿਕ ਸੇਵਾਵਾਂ ਦੇ ਨਾਲ-ਨਾਲ ਸਿੱਖਿਆ, ਸਿਹਤ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਵੀ ਮਹੱਤਵਪੂਰਨ ਯੋਗਦਾਨ ਦਿੱਤਾ ਹੈ। ਸੰਗਤ ਨੇ ਉਮੀਦ ਜਤਾਈ ਕਿ ਭਵਿੱਖ ਵਿੱਚ ਵੀ ਇਹ ਸੇਵਾਵਾਂ ਇਸੇ ਤਰ੍ਹਾਂ ਜਾਰੀ ਰਹਿਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# 3704 ਰੀਕਾਸਟ ਯੂਨੀਅਨ ਵੱਲੋਂ ਵੱਖ-ਵੱਖ ਅਹੁਦੇਦਾਰ ਨਿਯੁਕਤ

ਬਠਿੰਡਾ, 13 ਜੁਲਾਈ (ਗੁਰਜੰਟ ਸਿੰਘ ਨਥੇਹਾ)- ਆਪਣੀਆਂ ਹੱਕੀ ਮੰਗਾਂ ਲੈਣ ਲਈ ਇੱਕ ਸੰਗਠਿਤ ਸ਼ਕਤੀ ਦਾ ਹੋਣਾ ਬੇਹੱਦ ਜ਼ਰੂਰੀ ਹੁੰਦਾ ਹੈ, ਇਸ ਤਰ੍ਹਾਂ ਦੇ ਮਕਸਦ ਦੀ ਪੂਰਤੀ ਲਈ ਬੀਤੇ ਦਿਨੀਂ ਅੰਮ੍ਰਿਤਸਰ ਸਾਹਿਬ ਵਿਖੇ ਯੂਨੀਅਨ ਦੇ ਨੁਮਾਇੰਦਿਆਂ ਵੱਲੋਂ ਇੱਕ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਪੂਰੇ ਪੰਜਾਬ ਚੋਂ' ਭਰਤੀ ਹੋਏ ਈ.ਡਬਲਯੂ.ਐਸ. ਅਧਿਆਪਕ ਸ਼ਾਮਲ ਹੋਏ। ਮੀਟਿੰਗ ਦੌਰਾਨ ਸਿੱਖਿਆ ਵਿਭਾਗ ਵਿੱਚ ਹੋਈ ਭਰਤੀ 3704 ਈ.ਡਬਲਯੂ.ਐਸ. ਰੀਕਾਸਟ ਵਿੱਚ ਨਿਯੁਕਤ ਹੋਏ ਅਧਿਆਪਕਾਂ ਨੇ ਆਪਣੀ ਸ਼ਕਤੀ ਨੂੰ ਸੰਗਠਿਤ ਕਰਨ ਦੇ ਲਈ ਇੱਕ ਯੂਨੀਅਨ ਦੀ ਤਜਵੀਜ ਪੇਸ਼ ਕੀਤੀ। ਇਸ ਮੀਟਿੰਗ ਵਿੱਚ ਸ਼ਾਮਿਲ ਹੋਏ 88 ਅਧਿਆਪਕਾਂ ਵੱਲੋਂ ਇਕ ਸੁਰ ਵਿੱਚ ਹਾਂ ਦੀ ਹਾਮੀ ਭਰਦੇ ਹੋਏ ਯੂਨੀਅਨ ਬਣਾਉਣ ਦਾ ਮਤਾ ਪਾਸ ਕੀਤਾ। ਸਭ ਦੀ ਸਹਿਮਤੀ ਦੇ ਨਾਲ ਵੱਖ-ਵੱਖ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਮੀਟਿੰਗ ਦੌਰਾਨ ਸ਼੍ਰੀ ਸਤਿਗੁਰ ਸਿੰਘ ਗਿੱਲ (ਅੰਗਰੇਜੀ ਮਾਸਟਰ) ਨੂੰ ਰੀਕਾਸਟ ਈ.ਡਬਲਯੂ.ਐਸ. ਯੂਨੀਅਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਵਾਈਸ ਪ੍ਰਧਾਨ ਅੰਮ੍ਰਿਤਪਾਲ, ਖਜਾਨਚੀ ਗੁਰਲਾਲ ਸਿੰਘ, ਲੇਖਾਕਾਰ ਸੀਪੀਕਾ ਰਾਣੀ, ਮੁੱਖ ਸਕੱਤਰ ਰਜਨੀ ਰਾਣੀ, ਕਾਨੂੰਨੀ ਸਲਾਹਕਾਰ ਕਿਰਨਦੀਪ ਕੌਰ, ਸੋਸ਼ਲ ਮੀਡੀਆ ਇੰਚਾਰਜ ਜਗਬੀਰ ਸਿੰਘ ਅਤੇ ਹਰਵਿੰਦਰ ਸਿੰਘ, ਯੂਨੀਅਨ ਦੇ ਪ੍ਰਭਾਰੀ ਆਕ੍ਰਿਤੀ ਚੁਣੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

# ਟਰੱਕ ਯੂਨੀਅਨ ਪ੍ਰਧਾਨ ਰਹੇ ਗੁਰਜੀਵਨ ਗਾਟਵਾਲੀ ਦੇ ਘਰ ਪੁੱਜੇ ਜੀਤਮਹਿੰਦਰ ਸਿੰਘ ਸਿੱਧੂ, ਰੋਜ਼ਗਾਰ ਦੇ ਮੁੱਦਿਆਂ 'ਤੇ ਘੇਰੀ ਸਰਕਾਰ



ਤਲਵੰਡੀ ਸਾਬੋ, 13 ਜੁਲਾਈ (ਗੁਰਜੰਟ ਸਿੰਘ ਨਥੇਹਾ)- ਕਾਂਗਰਸ ਵੱਲੋਂ ਲੋਕ ਸਭਾ ਹਲਕਾ ਬਠਿੰਡਾ ਤੋਂ ਚੋਣ ਲੜ ਚੁੱਕੇ,ਕਾਂਗਰਸ ਦੇ ਸੀਨੀਅਰ ਆਗੂ ਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਜੋ ਹਲਕੇ 'ਚ ਜਨਤਕ ਪ੍ਰੋਗਰਾਮ ਚ ਸ਼ਮੂਲੀਅਤ ਲਈ ਪੁੱਜੇ ਸਨ ਉਪਰੰਤ ਟਰੱਕ ਯੂਨੀਅਨ ਰਾਮਾਂ ਦੇ ਪ੍ਰਧਾਨ ਰਹੇ ਗੁਰਜੀਵਨ ਸਿੰਘ ਸਾਬਕਾ ਸਰਪੰਚ ਗਾਟਵਾਲੀ ਦੇ ਘਰ ਪੁੱਜੇ ਤੇ ਕੁਝ ਮਸਲਿਆਂ ਤੇ ਵੀਚਾਰ ਚਰਚਾ ਕੀਤੀ। ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਸਿੱਧੂ ਨੇ ਪੰਜਾਬ ਸਰਕਾਰ ਦੇ ਨਿਯੁਕਤੀ ਪੱਤਰ ਵੰਡ ਸਮਾਗਮਾਂ ਨੂੰ ਡਰਾਮਾ ਕਰਾਰ ਦਿੰਦਿਆਂ ਕਿਹਾ ਕਿ ਹਜ਼ਾਰਾਂ ਬੇਰੋਜ਼ਗਾਰ ਨੌਜਵਾਨ ਨੌਕਰੀਆਂ ਲਈ ਸੜਕਾਂ ਤੇ ਧਰਨੇ ਪ੍ਰਦਰਸ਼ਨ ਕਰ ਰਹੇ ਹਨ,ਬਿਜਲੀ ਵਿਭਾਗ ਦੇ ਮੁਲਾਜ਼ਮਾਂ ਤੇ ਜਿੱਥੇ ਪਿਛਲੇ ਦਿਨੀਂ ਲਾਠੀਚਾਰਜ ਕੀਤਾ ਗਿਐ ਉੱਥੇ ਸਫਾਈ ਸੇਵਕ ਤੇ ਸੀਵਰੇਜ ਕਾਮੇ ਸਮੁੱਚੇ ਪੰਜਾਬ ਅੰਦਰ ਪੱਕੇ ਕਰਨ ਦੀ ਮੰਗ ਨੂੰ ਲੈ ਕੇ ਕੰਮ ਛੱਡ ਕੇ ਹੜਤਾਲ ਤੇ ਬੈਠੇ ਹ,ਨਰੇਗਾ ਨਾਲ ਸਬੰਧਿਤ ਕਰਮਚਾਰੀ ਪੱਕੇ ਹੋਣ ਲਈ ਸੰਘਰਸ਼ਸ਼ੀਲ ਹਨ ਅਤੇ ਉਕਤ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਲਈ ਸਰਕਾਰ ਨੇ ਇੱਕ ਮੀਟਿੰਗ ਤੱਕ ਉਨਾਂ ਨਾਲ ਕਰਨੀ ਜ਼ਰੂਰੀ ਨਹੀ ਸਮਝੀ।ਸਿੱਧੂ ਨੇ ਕਿਹਾ ਕਿ ਪਿਛਲੇ ਸਮਿਆਂ ਚ ਵਿਦਿਆਰਥੀਆਂ ਵੱਲੋਂ ਕੁਝ ਮਹਿਕਮਿਆਂ ਚ ਭਰਤੀ ਹੋਣ ਲਈ ਜੋ ਪ੍ਰੀਖਿਆਵਾਂ ਦਿੱਤੀਆਂ ਗਈਆਂ ਉਨਾਂ ਚੋਂ ਕਈਆਂ ਦਾ ਨਤੀਜ਼ਾ ਤੱਕ ਜਾਰੀ ਨਹੀ ਕੀਤਾ ਜਾ ਰਿਹਾ ਜਿਸ ਕਰਕੇ ਉਕਤ ਬੱਚਿਆਂ ਨੂੰ ਆਪਣੇ ਭਵਿੱਖ ਦਾ ਫਿਕਰ ਸਤਾ ਰਿਹੈ ਕਿਉਂਕਿ ਸਰਕਾਰ ਦੇ ਕਾਰਜਕਾਲ ਦੇ ਕੁਝ ਮਹੀਨੇ ਹੀ ਬਾਕੀ ਬਚੇ ਹਨ।ਸਾਬਕਾ ਵਿਧਾਇਕ ਨੇ ਕਿਹਾ ਕਿ ਸਰਕਾਰ ਪ੍ਰਚਾਰ ਜਿਆਦਾ ਕਰ ਰਹੀ ਹੈ ਤੇ ਕੰਮ ਘੱਟ। ਇਸ ਮੌਕੇ ਹਰਪਾਲ ਸਿੰਘ ਪੰਚ ਗਾਟਵਾਲੀ, ਧਰਵਿੰਦਰ ਢਿੱਲੋਂ ਗਿਆਨਾ, ਬਲਵੀਰ ਸਿੰਘ ਗਿਆਨਾ, ਸੇਵਕ ਸਿੰਘ ਤੰਗਰਾਲੀ, ਕ੍ਰਿਸ਼ਨ ਯਾਦਵ, ਹੈਪੀ ਬਹਿਮਣ ਜਿਲ੍ਹਾ ਮੀਤ ਪ੍ਰਧਾਨ ਯੂਥ ਕਾਂਗਰਸ ਅਤੇ ਗੁਰਾਦਿੱਤਾ ਸਿੰਘ ਸੀਂਗੋ ਆਦਿ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਐਡਵੋਕੇਟ ਧਾਮੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਤੁਰੰਤ ਖੋਲ੍ਹਣ ਦੀ ਕੀਤੀ ਮੰਗ



ਨਵੀਂ ਦਿੱਲੀ, 13 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਤੁਰੰਤ ਖੋਲ੍ਹੇ ਜਾਣ ਦੀ ਮੰਗ ਕੀਤੀ ਹੈ। ਐਡਵੋਕੇਟ ਧਾਮੀ ਵੱਲੋਂ ਲਿਖੇ ਗਏ ਪੱਤਰ ਵਿਚ ਕਿਹਾ ਗਿਆ ਕਿ ਸ੍ਰੀ ਕਰਤਾਰਪੁਰ ਸਾਹਿਬ ਉਹ ਪਾਵਨ ਧਰਤੀ ਹੈ, ਜਿਥੇ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮਨੁੱਖਤਾ ਨੂੰ ਕਿਰਤ ਕਰਨ, ਨਾਮ ਜਪਣ ਤੇ ਵੰਡ ਛਕਣ ਦੇ ਉਪਦੇਸ਼ ਦੇ ਨਾਲ-ਨਾਲ ਭਾਈਚਾਰਕ ਸਾਂਝ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਇਸ ਪਾਵਨ ਅਸਥਾਨ ਨਾਲ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ ਅਤੇ ਸੰਗਤਾਂ ਇਸ ਦੇ ਦਰਸ਼ਨਾਂ ਦੀ ਤਾਂਘ ਹਮੇਸ਼ਾ ਰੱਖਦੀਆਂ ਹਨ। ਪੱਤਰ ਵਿਚ ਕਿਹਾ ਗਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਨਵੰਬਰ 2019 ਵਿੱਚ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਲਾਂਘਾ ਖੁੱਲ੍ਹਣ ਨਾਲ ਦੁਨੀਆਂ ਭਰ ਦੇ ਸਿੱਖਾਂ ਦੀਆਂ ਰੋਜ਼ਾਨਾ ਕੀਤੀਆਂ ਅਰਦਾਸਾਂ ਪੂਰੀਆਂ ਹੋਈਆਂ ਸਨ ਅਤੇ ਲੱਖਾਂ ਸ਼ਰਧਾਲੂਆਂ ਨੇ ਇਸ ਪਵਿੱਤਰ ਅਸਥਾਨ ਦੇ ਦਰਸ਼ਨ ਕਰਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ ਸੀ। ਕੁਝ ਸਮਾਂ ਪਹਿਲਾਂ ਦੋਵਾਂ ਦੇਸ਼ਾਂ ਅੰਦਰ ਬਣੇ ਸੁਰੱਖਿਆ ਹਾਲਾਤਾਂ ਕਾਰਨ ਲਾਂਘੇ ਦੀ ਆਵਾਜਾਈ ਰੋਕੇ ਜਾਣ ਨਾਲ ਵਿਸ਼ਵ ਭਰ ਦੇ ਸਿੱਖ ਭਾਈਚਾਰੇ ਵਿੱਚ ਡੂੰਘੀ ਨਿਰਾਸ਼ਾ ਅਤੇ ਪੀੜਾ ਹੈ। ਪੱਤਰ ਵਿੱਚ ਇਹ ਵੀ ਯਾਦ ਕਰਵਾਇਆ ਗਿਆ ਕਿ ਲਾਂਘੇ ਨੂੰ ਮੁੜ ਖੋਲ੍ਹਣ ਦੀ ਮੰਗ ਕੋਈ ਨਵੀਂ ਨਹੀਂ ਹੈ। ਸ਼੍ਰੋਮਣੀ ਕਮੇਟੀ ਨੇ ਕਈ ਵਾਰ ਮਤੇ ਕਰਕੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਸਰਕਾਰ ਤੱਕ ਪਹੁੰਚਾਈਆਂ ਹਨ। ਇਸ ਸਬੰਧੀ ਪੰਜਾਬ ਦੇ ਰਾਜਪਾਲ ਅਤੇ ਕੇਂਦਰੀ ਗ੍ਰਹਿ ਮੰਤਰੀ ਨੂੰ ਵੀ ਯਾਦ ਪੱਤਰ ਭੇਜ ਕੇ ਇਸ ਮਾਮਲੇ ਵਿੱਚ ਜਲਦ ਕਾਰਵਾਈ ਦੀ ਮੰਗ ਕੀਤੀ ਗਈ ਸੀ। ਪ੍ਰਧਾਨ ਮੰਤਰੀ ਨੂੰ ਭੇਜੇ ਪੱਤਰ ਵਿਚ ਕਿਹਾ ਹੈ ਕਿ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਦਾ ਮੁੜ ਖੁੱਲ੍ਹਣਾ ਕੇਵਲ ਧਾਰਮਿਕ ਯਾਤਰਾ ਦੀ ਸਹੂਲਤ ਨਹੀਂ, ਸਗੋਂ ਲੱਖਾਂ ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਨਮਾਨ ਹੈ। ਉਨ੍ਹਾਂ ਪੱਤਰ ਰਾਹੀਂ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਸ ਪਾਵਨ ਅਸਥਾਨ ਦੀ ਵਿਸ਼ੇਸ਼ ਧਾਰਮਿਕ ਮਹੱਤਤਾ ਅਤੇ ਦੁਨੀਆਂ ਭਰ ਦੇ ਕਰੋੜਾਂ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਮਾਮਲੇ ਨੂੰ ਪਹਿਲ ਦੇ ਆਧਾਰ 'ਤੇ ਵਿਚਾਰਿਆ ਜਾਵੇ ਅਤੇ ਸਬੰਧਤ ਮੰਤਰਾਲਿਆਂ ਨੂੰ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਨੂੰ ਤੁਰੰਤ ਮੁੜ ਖੋਲ੍ਹਣ ਲਈ ਲੋੜੀਂਦੇ ਕੂਟਨੀਤਕ ਅਤੇ ਪ੍ਰਸ਼ਾਸਕੀ ਕਦਮ ਚੁੱਕਣ ਦੇ ਨਿਰਦੇਸ਼ ਜਾਰੀ ਕੀਤੇ ਜਾਣ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵਿਸ਼ਵਾਸ ਪ੍ਰਗਟਾਇਆ ਕਿ ਸਿੱਖ ਭਾਈਚਾਰੇ ਦੀ ਇਸ ਭਾਵਨਾਤਮਕ ਅਪੀਲ 'ਤੇ ਕੇਂਦਰ ਸਰਕਾਰ ਹਮਦਰਦੀ ਅਤੇ ਸੰਵੇਦਨਸ਼ੀਲਤਾ ਨਾਲ ਵਿਚਾਰ ਕਰੇਗੀ, ਤਾਂ ਜੋ ਦੁਨੀਆਂ ਭਰ ਦੇ ਸ਼ਰਧਾਲੂ ਇਕ ਵਾਰ ਫਿਰ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਨਤਮਸਤਕ ਹੋ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

# ਵਪਾਰੀਕਰਨ ਦੀ ਭੇਟ ਚੜ੍ਹਦੀ ਸਾਡੀ ਹੋਂਦ: ਮਿਲਾਵਟਖੋਰੀ ਦਾ ਗੰਭੀਰ ਸੰਕਟ



ਮਨੁੱਖੀ ਜੀਵਨ ਦੇ ਨਿਰਵਾਹ ਲਈ ਕੁਦਰਤ ਨੇ ਸਾਨੂੰ ਅਣਮੁੱਲੇ ਤੋਹਫ਼ੇ ਦਿੱਤੇ ਹਨ—ਸ਼ੁੱਧ ਹਵਾ, ਸਾਫ਼ ਪਾਣੀ, ਉਪਜਾਊ ਜ਼ਮੀਨ ਅਤੇ ਪੌਸ਼ਟਿਕ ਆਹਾਰ। ਪਰ ਅਜੋਕੇ ਦੌਰ ਵਿੱਚ ਇੱਕ ਬੇਹੱਦ ਕੌੜੀ ਅਤੇ ਡਰਾਉਣੀ ਸੱਚਾਈ ਸਾਡੇ ਸਾਹਮਣੇ ਆ ਖੜ੍ਹੀ ਹੈ ਕਿ "ਜਿਸ ਵੀ ਚੀਜ਼ ਦਾ ਵਪਾਰ ਹੋ ਗਿਆ, ਉਸ ਵਿੱਚ ਮਿਲਾਵਟ ਤਹਿ ਹੈ।" ਜਦੋਂ ਕੋਈ ਵਸਤੂ ਜੀਵਨ ਦੀ ਬੁਨਿਆਦੀ ਲੋੜ ਤੋਂ ਬਦਲ ਕੇ ਸਿਰਫ਼ ਅੰਨ੍ਹਾ ਮੁਨਾਫ਼ਾ ਕਮਾਉਣ ਦਾ ਸਾਧਨ ਬਣ ਜਾਂਦੀ ਹੈ, ਤਾਂ ਮਨੁੱਖੀ ਨੈਤਿਕਤਾ ਦਮ ਤੋੜ ਦਿੰਦੀ ਹੈ। ਅੱਜ ਖੇਤੀਬਾੜੀ, ਦੁੱਧ, ਸਬਜ਼ੀਆਂ ਅਤੇ ਸਾਡੇ ਅਣਮੁੱਲੇ ਕੁਦਰਤੀ ਸਰੋਤ ਇਸੇ ਵਪਾਰੀਕਰਨ ਦੀ ਬਲੀ ਚੜ੍ਹ ਚੁੱਕੇ ਹਨ। ਕਦੇ ਖੇਤੀ ਨੂੰ ਇੱਕ ਪਵਿੱਤਰ ਕਿੱਤਾ ਮੰਨਿਆ ਜਾਂਦਾ ਸੀ, ਜਿੱਥੇ ਕਿਸਾਨ ਨੂੰ 'ਅੰਨਦਾਤਾ' ਕਹਿ ਕੇ ਸਤਿਕਾਰਿਆ ਜਾਂਦਾ ਸੀ। ਪਰ ਅੱਜ ਖੇਤੀ ਪੂਰੀ ਤਰ੍ਹਾਂ ਵਪਾਰਕ ਮੰਡੀ ਦੇ ਅਧੀਨ ਹੋ ਚੁੱਕੀ ਹੈ। ਵੱਧ ਤੋਂ ਵੱਧ ਪੈਦਾਵਾਰ ਲੈਣ ਅਤੇ ਫ਼ਸਲ ਨੂੰ ਕੀੜਿਆਂ ਤੋਂ ਬਚਾਉਣ ਦੇ ਨਾਂ 'ਤੇ ਅੰਨ੍ਹੇਵਾਹ ਰਸਾਇਣਕ ਖਾਦਾਂ ਅਤੇ ਘਾਤਕ ਕੀਟਨਾਸ਼ਕਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਇਹੀ ਹਾਲ ਸਬਜ਼ੀਆਂ ਅਤੇ ਫਲਾਂ ਦਾ ਹੈ। ਬਾਜ਼ਾਰ ਵਿੱਚ ਸਬਜ਼ੀਆਂ ਨੂੰ ਰਾਤੋ-ਰਾਤ ਵੱਡਾ ਕਰਨ ਲਈ ਹਾਰਮੋਨਲ ਇੰਜੈਕਸ਼ਨ (ਜਿਵੇਂ ਆਕਸੀਟੋਸਿਨ) ਲਗਾਏ ਜਾਂਦੇ ਹਨ। ਉਨ੍ਹਾਂ ਨੂੰ ਤਾਜ਼ਾ ਅਤੇ ਚਮਕਦਾਰ ਦਿਖਾਉਣ ਲਈ ਖ਼ਤਰਨਾਕ ਕੈਮੀਕਲ ਰੰਗਾਂ ਵਿੱਚ ਡੁਬੋਇਆ ਜਾਂਦਾ ਹੈ। ਫਲਾਂ ਨੂੰ ਸਮੇਂ ਤੋਂ ਪਹਿਲਾਂ ਪਕਾਉਣ ਲਈ 'ਕੈਲਸ਼ੀਅਮ ਕਾਰਬਾਈਡ' ਵਰਗੇ ਘਾਤਕ ਰਸਾਇਣਾਂ ਦੀ ਵਰਤੋਂ ਸ਼ਰੇਆਮ ਹੋ ਰਹੀ ਹੈ। ਨਤੀਜੇ ਵਜੋਂ, ਜੋ ਸਬਜ਼ੀਆਂ ਸਾਡੀ ਸਿਹਤ ਲਈ ਅੰਮ੍ਰਿਤ ਹੋਣੀਆਂ ਚਾਹੀਦੀਆਂ ਸਨ, ਉਹ ਅੱਜ ਕੈਂਸਰ, ਲਿਵਰ ਅਤੇ ਗੁਰਦਿਆਂ ਦੀਆਂ ਭਿਆਨਕ ਬੀਮਾਰੀਆਂ ਦਾ ਸਬੱਬ ਬਣ ਰਹੀਆਂ ਹਨ। ਦੁੱਧ ਨੂੰ ਸਾਡੀ ਸੰਸਕ੍ਰਿਤੀ ਵਿੱਚ ਸਭ ਤੋਂ ਸ਼ੁੱਧ ਅਤੇ ਸੰਪੂਰਨ ਆਹਾਰ ਮੰਨਿਆ ਗਿਆ ਹੈ। ਪਰ ਜਦੋਂ ਤੋਂ ਦੁੱਧ ਦਾ ਵੱਡੇ ਪੱਧਰ 'ਤੇ ਵਪਾਰੀਕਰਨ ਹੋਇਆ ਹੈ, ਮਿਲਾਵਟਖੋਰੀ ਨੇ ਇਨਸਾਨੀਅਤ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ। ਅੱਜ ਬਾਜ਼ਾਰ ਵਿੱਚ ਮੰਗ ਅਤੇ ਸਪਲਾਈ ਦੇ ਪਾੜੇ ਨੂੰ ਪੂਰਾ ਕਰਨ ਲਈ 'ਸਿੰਥੈਟਿਕ ਦੁੱਧ' ਦਾ ਕਾਲਾ ਕਾਰੋਬਾਰ ਜ਼ੋਰਾਂ 'ਤੇ ਹੈ। ਮੁਨਾਫ਼ਾਖੋਰਾਂ ਵੱਲੋਂ ਯੂਰੀਆ, ਡਿਟਰਜੈਂਟ (ਸਰਫ਼), ਸਟਾਰਚ, ਘਟੀਆ ਰਿਫਾਇੰਡ ਤੇਲ ਅਤੇ ਕਾਸਟਿਕ ਸੋਢੇ ਦੀ ਮਦਦ ਨਾਲ ਨਕਲੀ ਦੁੱਧ, ਖੋਆ ਅਤੇ ਪਨੀਰ ਤਿਆਰ ਕੀਤਾ ਜਾ ਰਿਹਾ ਹੈ। ਇਹ ਮਿਲਾਵਟੀ ਦੁੱਧ ਸਾਡੇ ਮਾਸੂਮ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਨੂੰ ਅੰਦਰੋਂ-ਅੰਦਰੋਂ ਖੋਖਲਾ ਕਰ ਰਿਹਾ ਹੈ। ਡੇਅਰੀ ਫਾਰਮਾਂ ਵਿੱਚ ਵੀ ਪਸ਼ੂਆਂ ਤੋਂ ਵੱਧ ਦੁੱਧ ਕੱਢਣ ਲਈ ਗੈ਼ਰ-ਕਾਨੂੰਨੀ ਟੀਕੇ ਲਗਾਏ ਜਾਂਦੇ ਹਨ, ਜੋ ਦੁੱਧ ਦੀ ਕੁਦਰਤੀ ਗੁਣਵੱਤਾ ਨੂੰ ਤਬਾਹ ਕਰ ਦਿੰਦੇ ਹਨ। ਮਿਲਾਵਟ ਦੀ ਇਹ ਮਾਰ ਸਿਰਫ਼ ਖਾਣ-ਪੀਣ ਵਾਲੀਆਂ ਚੀਜ਼ਾਂ ਤੱਕ ਸੀਮਤ ਨਹੀਂ ਰਹੀ, ਸਗੋਂ ਸਾਡੇ ਕੁਦਰਤੀ ਸਰੋਤ ਵੀ ਇਸ ਦੀ ਲਪੇਟ ਵਿੱਚ ਆ ਚੁੱਕੇ ਹਨ। ਪਾਣੀ: ਜੀਵਨ ਦਾ ਆਧਾਰ 'ਪਾਣੀ' ਅੱਜ ਬੋਤਲਾਂ ਵਿੱਚ ਬੰਦ ਹੋ ਕੇ ਮਹਿੰਗੇ ਭਾਅ ਵਿਕ ਰਿਹਾ ਹੈ। ਦੂਜੇ ਪਾਸੇ, ਉਦਯੋਗਿਕ ਵਪਾਰ ਦੇ ਕੂੜੇ ਅਤੇ ਕੈਮੀਕਲਸ ਨੇ ਸਾਡੀਆਂ ਨਦੀਆਂ ਅਤੇ ਜ਼ਮੀਨਦੋਜ਼ ਪਾਣੀ ਨੂੰ ਜ਼ਿਹਰੀਲਾ (ਮਿਲਾਵਟੀ) ਕਰ ਦਿੱਤਾ ਹੈ। ਹਵਾ: ਵੱਡੀਆਂ-ਵੱਡੀਆਂ ਫੈਕਟਰੀਆਂ ਅਤੇ ਵਪਾਰਕ ਇਕਾਈਆਂ ਨੇ ਮੁਨਾਫ਼ੇ ਦੀ ਖ਼ਾਤਰ ਹਵਾ ਵਿੱਚ ਇੰਨਾ ਧੂੰਆਂ ਅਤੇ ਜ਼ਿਹਰ ਘੋਲ ਦਿੱਤਾ ਹੈ ਕਿ ਸ਼ੁੱਧ ਆਕਸੀਜਨ ਮਿਲਣਾ ਮੁਸ਼ਕਲ ਹੋ ਗਿਆ ਹੈ। ਇਸ ਗੰਭੀਰ ਸੰਕਟ ਦਾ ਮੁੱਖ ਕਾਰਨ ਮਨੁੱਖੀ ਲਾਲਚ, ਨੈਤਿਕਤਾ ਦਾ ਪਤਨ ਅਤੇ ਕਾਨੂੰਨ ਦੀ ਢਿੱਲ-ਮੱਠ ਹੈ। ਜਦੋਂ ਤੱਕ ਸਰਕਾਰਾਂ ਮਿਲਾਵਟਖੋਰੀ ਵਿਰੁੱਧ "ਜ਼ੀਰੋ ਟਾਲਰੈਂਸ" (ਜ਼ੀਰੋ ਸਹਿਣਸ਼ੀਲਤਾ) ਦੀ ਨੀਤੀ ਨਹੀਂ ਅਪਣਾਉਂਦੀਆਂ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਨਹੀਂ ਦਿੱਤੀਆਂ ਜਾਂਦੀਆਂ, ਉਦੋਂ ਤੱਕ ਇਹ ਖ਼ਤਰਨਾਕ ਖੇਡ ਇਵੇਂ ਹੀ ਚੱਲਦੀ ਰਹੇਗੀ। ਪਰ ਸਿਰਫ਼ ਕਾਨੂੰਨ ਦੇ ਭਰੋਸੇ ਬੈਠਣ ਨਾਲ ਗੱਲ ਨਹੀਂ ਬਣੇਗੀ; ਸਾਨੂੰ ਇੱਕ ਸਮਾਜ ਵਜੋਂ ਵੀ ਜਾਗਣਾ ਪਵੇਗਾ। ਸਾਨੂੰ ਮੁੜ ਕੁਦਰਤੀ ਅਤੇ ਜੈਵਿਕ ਖੇਤੀ ਵੱਲ ਕਦਮ ਵਧਾਉਣੇ ਪੈਣਗੇ। ਵਪਾਰ ਅਤੇ ਮੁਨਾਫ਼ਾ ਜ਼ਰੂਰੀ ਹੋ ਸਕਦੇ ਹਨ, ਪਰ ਮਨੁੱਖੀ ਜਾਨਾਂ ਦੀ ਕੀਮਤ 'ਤੇ ਬਿਲਕੁਲ ਨਹੀਂ। ਜੇਕਰ ਅਸੀਂ ਅੱਜ ਵੀ ਇਸ ਮਿਲਾਵਟਖੋਰੀ ਦੇ ਖ਼ਿਲਾਫ਼ ਆਵਾਜ਼ ਨਾ ਉਠਾਈ ਅਤੇ ਆਪਣੇ ਸਰੋਤਾਂ ਨੂੰ ਨਾ ਸਾਂਭਿਆ, ਤਾਂ ਆਉਣ ਵਾਲੀਆਂ ਨਸਲਾਂ ਨੂੰ ਇੱਕ ਬੀਮਾਰ ਅਤੇ ਬੰਜਰ ਭਵਿੱਖ ਤੋਂ ਇਲਾਵਾ ਕੁਝ ਹਾਸਲ ਨਹੀਂ ਹੋਵੇਗਾ।

ਜਸਵੰਤ ਕੌਰ ਜੱਸ

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਕਮੇਟੀ ਦੇ ਵਿੱਦਿਆ ਸਕੱਤਰ ਸੁਖਮਿੰਦਰ ਸਿੰਘ ਨੇ ਜਥੇਦਾਰ ਬਾਬਾ ਟੇਕ ਸਿੰਘ ਨਾਲ ਕੀਤੀ ਮੁਲਾਕਾਤ

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਮੌਕੇ ਕਰਵਾਇਆ ਜਾਵੇਗਾ ਵਿਦਿਆਰਥੀਆਂ ਦਾ ਗੁਰਮਤਿ ਸਮਾਗਮ



ਤਲਵੰਡੀ ਸਾਬੋ, 13 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਆ ਸਕੱਤਰ ਸੁਖਮਿੰਦਰ ਸਿੰਘ ਨੇ ਅੱਜ ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਣ ਉਪਰੰਤ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਨਾਲ ਮੁਲਾਕਾਤ ਕੀਤੀ।ਤਖਤ ਸਾਹਿਬ ਪ੍ਰਬੰਧਕਾਂ ਵੱਲੋਂ ਜਾਰੀ ਪ੍ਰੈੱਸ ਬਿਆਨ ਮੁਤਾਬਿਕ ਉਕਤ ਮੁਲਾਕਾਤ ਦੌਰਾਨ ਮੌਜੂਦਾ ਪੰਥਕ ਚੁਣੌਤੀਆਂ ਅਤੇ ਅਕਾਦਮਿਕ ਖੇਤਰ ਵਿੱਚ ਗੁਰਮਤਿ ਫ਼ਲਸਫ਼ੇ ਦੇ ਪ੍ਰਚਾਰ-ਪਸਾਰ ਨੂੰ ਲੈ ਕੇ ਬੇਹੱਦ ਉਸਾਰੂ ਅਤੇ ਖੁੱਲ੍ਹੇ ਮਾਹੌਲ ਵਿੱਚ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ। ਪ੍ਰੈੱਸ ਬਿਆਨ ਅਨੁਸਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਇੱਕ ਮਹੱਤਵਪੂਰਨ ਆਦੇਸ਼ ਜਾਰੀ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 'ਸੰਪੂਰਨਤਾ ਦਿਵਸ' ਦੀ ਇਤਿਹਾਸਕ ਅਹਿਮੀਅਤ ਨੂੰ ਮੁੱਖ ਰੱਖਦਿਆਂ, ਸ਼੍ਰੋਮਣੀ ਕਮੇਟੀ ਦੇ ਸਮੂਹ ਵਿੱਦਿਅਕ ਅਦਾਰਿਆਂ (ਸਕੂਲਾਂ ਅਤੇ ਕਾਲਜਾਂ) ਦਾ ਇੱਕ ਵਿਸ਼ਾਲ ਗੁਰਮਤਿ ਸਮਾਗਮ ਦਮਦਮਾ ਸਾਹਿਬ ਦੀ ਪਾਵਨ ਧਰਤੀ ਤੇ ਉਲੀਕਿਆ ਜਾਵੇ।ਉਨਾਂ ਜ਼ੋਰ ਦੇ ਕੇ ਕਿਹਾ ਕਿ ਇਸ ਸਮਾਗਮ ਦਾ ਮੁੱਖ ਆਕਰਸ਼ਣ ਅਤੇ ਸੇਵਾ ਖੁਦ ਵਿਦਿਆਰਥੀਆਂ ਹੱਥ ਹੋਣੀ ਚਾਹੀਦੀ ਹੈ, ਜਿੱਥੇ ਬੱਚੇ ਖੁਦ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਨ,ਬੀਰ-ਰਸੀ ਢਾਡੀ ਵਾਰਾਂ ਰਾਹੀਂ ਇਤਿਹਾਸ ਸੁਰਜੀਤ ਕਰਨ ਅਤੇ ਗੁਰਮਤਿ ਇਤਿਹਾਸ ਨੂੰ ਦਰਸਾਉਂਦੀਆਂ ਵਿਸ਼ੇਸ਼ ਪ੍ਰਦਰਸ਼ਨੀਆਂ ਖੁਦ ਤਿਆਰ ਕਰਕੇ ਲਗਾਉਣ। ਜਥੇਦਾਰ ਸਾਹਿਬ ਦੇ ਇਸ ਦੂਰਅੰਦੇਸ਼ੀ ਅਤੇ ਪ੍ਰੇਰਨਾਦਾਇਕ ਆਦੇਸ਼ ਦਾ ਭਰਵਾਂ ਸਵਾਗਤ ਕਰਦਿਆਂ ਵਿਦਿਆ ਸਕੱਤਰ ਸੁਖਮਿੰਦਰ ਸਿੰਘ ਨੇ ਤੁਰੰਤ ਇਸਤੇ ਸਹਿਮਤੀ ਜਤਾਈ। ਉਨ੍ਹਾਂ ਕਿਹਾ ਕਿ ਸਿੰਘ ਸਾਹਿਬ ਦੀ ਸਰਪ੍ਰਸਤੀ ਹੇਠ ਇਹ ਸਮਾਗਮ ਕਰਵਾਇਆ ਜਾਵੇਗਾ ਤੇ ਇਸ ਸਮਾਗਮ ਨੂੰ ਬਹੁਤ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ, ਤਾਂ ਜੋ ਨਵੀਂ ਪੀੜ੍ਹੀ ਆਪਣੇ ਸੁਨਹਿਰੀ ਅਮੀਰ ਵਿਰਸੇ ਅਤੇ ਗੁਰਬਾਣੀ ਦੇ ਸਿਧਾਂਤਾਂ ਨਾਲ ਪੂਰੀ ਤਰ੍ਹਾਂ ਜੁੜ ਸਕੇ।ਇਸ ਮੌਕੇ ਸਿੰਘ ਸਾਹਿਬ ਬਾਬਾ ਟੇਕ ਸਿੰਘ ਵੱਲੋਂ ਵਿਦਿਆ ਸਕੱਤਰ ਸੁਖਮਿੰਦਰ ਸਿੰਘ ਦੀਆਂ ਵਿੱਦਿਅਕ ਸੇਵਾਵਾਂ ਲਈ ਉਨ੍ਹਾਂ ਨੂੰ ਗੁਰੂ ਘਰ ਦੀ ਬਖਸ਼ਿਸ਼ 'ਸਿਰੋਪਾਓ' ਭੇਟ ਕੀਤਾ ਗਿਆ।ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਨਰਿੰਦਰਜੀਤ ਸਿੰਘ ਭਵਾਨੀਗੜ੍ਹ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਇੱਕ ਨਜ਼ਰ ...



## ਐਨਸੀਆਰ ਸਿੱਖ ਕਨਵੈਨਸ਼ਨ ਤੋਂ ਪੰਥਕ ਏਕੇ ਦਾ ਦਿੱਤਾ ਗਿਆ ਸੱਦਾ, ਕਾਲਕਾ-ਕਾਹਲੋਂ ਨੇ ਕੀਤੇ ਵੱਡੇ ਐਲਾਨ

ਨਵੀਂ ਦਿੱਲੀ, 13 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):– ਗਾਜ਼ੀਆਬਾਦ ਦੇ ਵਸੁੰਧਰਾ ਵਿਖੇ ਐਨਸੀਆਰ ਗੁਰਦੁਆਰਾ ਫਾਊਂਡੇਸ਼ਨ ਵੱਲੋਂ ਕਰਵਾਈ ਗਈ ਵਿਸ਼ਾਲ ਸਿੱਖ ਕਨਵੈਨਸ਼ਨ ਵਿੱਚ ਹਜ਼ਾਰਾਂ ਸਿੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕਰਦਿਆਂ ਪੰਥਕ ਏਕਤਾ ਅਤੇ ਭਾਈਚਾਰੇ ਦੀ ਮਜ਼ਬੂਤੀ ਦਾ ਸੰਦੇਸ਼ ਦਿੱਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸਮੇਂ ਦੀ ਸਭ ਤੋਂ ਵੱਡੀ ਲੋੜ ਸਿੱਖ ਭਾਈਚਾਰੇ ਦੀ ਏਕਤਾ ਹੈ। ਉਨ੍ਹਾਂ ਕਿਹਾ ਕਿ ਐਨਸੀਆਰ ਗੁਰਦੁਆਰਾ ਫਾਊਂਡੇਸ਼ਨ ਦਿੱਲੀ ਤੋਂ ਬਾਹਰ ਵੱਸਦੇ ਸਿੱਖਾਂ ਨੂੰ ਇੱਕ ਮੰਚ 'ਤੇ ਜੋੜਨ ਲਈ ਅਹਿਮ ਭੂਮਿਕਾ ਨਿਭਾ ਰਹੀ ਹੈ ਅਤੇ ਇਹ ਮੁਹਿੰਮ ਹੋਰ ਵਿਸਥਾਰ ਕੀਤੀ ਜਾਵੇਗੀ। ਆਗੂਆਂ ਨੇ ਦੱਸਿਆ ਕਿ ਗੁਰ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਦੇ ਲੰਬੇ ਸਮੇਂ ਤੋਂ ਬਕਾਇਆ ਮਾਮਲਿਆਂ ਦੇ ਨਿਪਟਾਰੇ ਲਈ ਤੇਜ਼ੀ ਨਾਲ ਕੰਮ ਕੀਤਾ ਗਿਆ ਹੈ ਅਤੇ 90 ਫ਼ੀਸਦੀ ਤੋਂ ਵੱਧ ਕਰਮਚਾਰੀਆਂ ਨਾਲ ਸਮਝੌਤੇ ਹੋ ਚੁੱਕੇ ਹਨ। ਉਨ੍ਹਾਂ ਐਲਾਨ ਕੀਤਾ ਕਿ ਐਨਸੀਆਰ ਦੇ ਉਹ ਸਿੱਖ ਵਿਦਿਆਰਥੀ ਜੋ ਯੂਪੀਐੱਸਸੀ ਦੀ ਪ੍ਰਾਰੰਭਿਕ ਪ੍ਰੀਖਿਆ ਪਾਸ ਕਰਨਗੇ, ਉਨ੍ਹਾਂ ਦੀ ਅਗਲੀ ਪੜ੍ਹਾਈ ਦਾ ਸਾਰਾ ਖ਼ਰਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚੁੱਕਿਆ ਜਾਵੇਗਾ, ਤਾਂ ਜੋ ਵੱਧ ਤੋਂ ਵੱਧ ਨੌਜਵਾਨ ਪ੍ਰਸ਼ਾਸਨਿਕ ਸੇਵਾਵਾਂ ਵਿੱਚ ਪਹੁੰਚ ਸਕਣ। ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਪੰਥਕ ਏਕੇ ਦੀ ਬਦੌਲਤ ਹੀ ਹਾਲ ਹੀ ਵਿੱਚ ਉੱਤਰਾਖੰਡ ਵਿੱਚ ਗ੍ਰਿਫ਼ਤਾਰ ਨਿਹੰਗ ਨੌਜਵਾਨਾਂ ਦੀ ਜਲਦੀ ਰਿਹਾਈ ਸੰਭਵ ਹੋਈ। ਉਨ੍ਹਾਂ ਕਿਹਾ ਕਿ ਕਮੇਟੀ ਹਰ ਉਸ ਮਸਲੇ 'ਤੇ ਸਿੱਖ ਭਾਈਚਾਰੇ ਦੇ ਨਾਲ ਖੜ੍ਹੀ ਰਹੇਗੀ ਜਿੱਥੇ ਕੌਮ ਦੇ ਹੱਕਾਂ ਦੀ ਗੱਲ ਹੋਵੇਗੀ। ਸਮਾਗਮ ਦੌਰਾਨ ਸੋਨੀਪਤ, ਮੇਰਠ, ਨੋਇਡਾ, ਗਾਜ਼ੀਆਬਾਦ, ਗੁਰੂਗ੍ਰਾਮ ਅਤੇ ਹਾਪੁੜ ਲਈ ਨਵੇਂ ਕਨਵੀਨਰਾਂ ਦਾ ਐਲਾਨ ਵੀ ਕੀਤਾ ਗਿਆ। ਅੰਤ ਵਿੱਚ ਕਨਵੈਨਸ਼ਨ ਦੇ ਸਫ਼ਲ ਆਯੋਜਨ ਲਈ ਗੁਰਪ੍ਰੀਤ ਸਿੰਘ ਰੰਮੀ, ਪ੍ਰਭਜੋਤ ਸਿੰਘ ਚੰਢੋਕ ਅਤੇ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

## ਧੀ ਹੋਈ ਪਰਾਈ



ਸੁੱਖਾਂ ਨਾਲ ਪਾਲਿਆ ਧੀ ਨੂੰ,
ਲੈ ਚੱਲੇ ਅੱਜ ਪਰਾਏ।
ਰੋਣ ਮਾਪੇ ਤੇ ਭੈਣ-ਭਰਾ,
ਤੇ ਰੋਂਦੇ ਚਾਚੇ-ਤਾਏ।
ਬਾਬਲ ਦੇ ਵਿਹੜੇ ਦੀ ਰੌਣਕ ਸੀ,
ਹੱਸਦੀ ਖੇਡਦੀ ਛਾਂਵਾਂ ਲਾਏ।
ਅੱਜ ਵਿਦਾਈ ਦੀ ਘੜੀ ਆਈ,
ਨੈਣਾਂ ਵਿੱਚ ਹੰਝੂ ਸਮਾਏ।
ਮਾਂ ਦੀਆਂ ਦੁਆਵਾਂ ਨਾਲ ਰਵਾਨਾ ਹੋਈ,
ਪਿਉ ਦੇ ਸੁਪਨੇ ਨਾਲ ਲੈ ਜਾਏ।
ਹਰ ਕਦਮ ਤੇ ਖੁਸ਼ੀਆਂ ਮਿਲਣ,
ਰੱਬ ਹਰ ਔਖੀ ਘੜੀ ਬਚਾਏ।
ਧੀ ਤਾਂ ਘਰ ਦੀ ਲੱਛਮੀ ਹੁੰਦੀ,
ਦੋਹਾਂ ਘਰਾਂ ਦਾ ਮਾਣ ਵਧਾਏ।
ਉਹ ਸਦਾ ਹੱਸਦੀ-ਵੱਸਦੀ ਰਹੇ
ਇਹੋ ਅਰਦਾਸ ਸਫਰੀ ਦੀ ਦਿਲੋਂ ਆਏ।

ਮਾਸਟਰ ਜਗੀਰ ਸਿੰਘ ਸਫਰੀ ਸਠਿਆਲਾ

## ਸਤਲੁਜ ਫ਼ਿਲਮ ਨੂੰ ਲੈ ਕੇ ਹਾਲ ਹੀ 'ਚ ਹੋਏ ਵਿਵਾਦ ਤੋਂ ਮੈਨੂੰ ਬਹੁਤ ਦੁੱਖ ਹੋਇਆ ਹੈ: ਡਾ. ਵਿਕਰਮਜੀਤ ਸਿੰਘ ਸਾਹਨੀ

### ਅਤੀਤ ਨੂੰ ਤਾਜ਼ਾ ਕਰਨ ਦੀ ਬਜਾਏ ਬਹਿਸ ਨੂੰ ਵਿਰਾਮ ਦਿੱਤਾ ਜਾਣਾ ਚਾਹੀਦਾ ਹੈ: ਡਾ. ਸਾਹਨੀ

ਨਵੀਂ ਦਿੱਲੀ, 13 ਜੁਲਾਈ (ਆਵਾਜ਼ਿ ਕੌਮ ਬਿਊਰੋ): ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਕਿਹਾ ਕਿ "ਮੈਨੂੰ ਫਿਲਮ ਸਤਲੁਜ ਨੂੰ ਲੈ ਕੇ ਹਾਲ ਹੀ ਵਿੱਚ ਹੋਏ ਵਿਵਾਦ ਤੋਂ ਬਹੁਤ ਦੁੱਖ ਹੋਇਆ ਹੈ। ਇਹ ਫਿਲਮ ਪੰਜਾਬ ਦੇ ਇਤਿਹਾਸ ਦੇ ਇੱਕ ਖਾਸ ਅਧਿਆਇ ਨੂੰ ਦਰਸਾਉਂਦੀ ਹੈ ਜੋ ਲਾਪਤਾ ਹੋਏ ਨੌਜਵਾਨਾ, ਫਰਜ਼ੀ ਮੁਕਾਬਲਿਆਂ, ਗੈਰ-ਨਿਆਂਇਕ ਕਤਲਾਂ ਅਤੇ ਰਿਸ਼ਤੇਦਾਰਾਂ ਨੂੰ ਦੱਸੇ ਬਿਨ੍ਹਾਂ ਨਾਜਾਇਜ ਸਸਕਾਰਾਂ ਨਾਲ ਸਬੰਧਤ ਹੈ। ਇਤਿਹਾਸਕ ਘਟਨਾਵਾਂ 'ਤੇ ਆਧਾਰਿਤ ਕਿਸੇ ਵੀ ਫਿਲਮ ਨੂੰ ਕਿਸੇ ਖਾਸ ਵਿਸ਼ੇ ਦੀ ਕਲਾਤਮਕ ਵਿਆਖਿਆ ਵਜੋਂ ਦੇਖਿਆ ਜਾਣਾ ਚਾਹੀਦਾ ਹੈ ਅਤੇ ਪੁਰਾਣੇ ਜ਼ਖ਼ਮਾਂ ਨੂੰ ਦੁਬਾਰਾ ਖੋਲ੍ਹਣ ਜਾਂ ਨਵੀਆਂ ਵੰਡੀਆਂ ਪੈਦਾ ਕਰਨ ਦਾ ਜਰੀਆ ਨਹੀਂ ਬਣਨਾ ਚਾਹੀਦਾ। ਡਾ. ਸਾਹਨੀ ਨੇ ਅੱਗੇ ਕਿਹਾ ਕਿ ਇਹ ਚੰਗੀ ਤਰ੍ਹਾਂ ਸਥਾਪਿਤ ਹੈ ਕਿ ਸ. ਜਸਵੰਤ ਸਿੰਘ ਖਾਲੜਾ ਨੇ ਅਦਾਲਤਾਂ ਵਿੱਚ ਹੈਬੀਅਸ ਕਾਰਪਸ ਪਟੀਸ਼ਨਾਂ ਦਾਇਰ ਕਰਨ ਸਮੇਤ ਸੰਵਿਧਾਨਕ ਅਤੇ ਕਾਨੂੰਨੀ ਤਰੀਕਿਆਂ ਰਾਹੀਂ ਹੀ ਲਾਪਤਾ ਨੌਜਵਾਨਾਂ ਅਤੇ ਗੈਰ-ਕਾਨੂੰਨੀ ਸਸਕਾਰ ਦੇ ਮੁੱਦੇ ਦੀ ਪੈਰਵੀ ਕੀਤੀ। ਉਨ੍ਹਾਂ ਕਿਹਾ ਕਿ ਦਿਲਜੀਤ ਦੁਸਾਂਝ ਦੀ ਫਿਲਮ "ਸਤਲੁਜ" ਪੰਜਾਬ ਦੇ ਇਤਿਹਾਸ ਦੇ ਇੱਕ ਖਾਸ ਅਧਿਆਇ 'ਤੇ ਕੇਂਦਰਿਤ ਫਿਲਮ ਹੈ ਜੋ ਕਥਿਤ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨਾਲ ਸਬੰਧਤ ਹੈ। ਇਹ ਪੰਜਾਬ ਫਾਈਲ ਨਹੀਂ ਹੈ, ਅਤੇ ਨਾ ਹੀ ਇਹ ਪੰਜਾਬ ਵਿੱਚ ਅੱਤਵਾਦ ਅਤੇ ਅੱਤਵਾਦ ਦੇ ਪੂਰੇ ਇਤਿਹਾਸ ਨੂੰ ਪੇਸ਼ ਕਰਨ ਦੀ ਕੋਸ਼ਿਸ਼ ਕਰਦੀ ਹੈ। ਇਸੇ ਤਰ੍ਹਾਂ ਨਾ ਤਾਂ ਦਿਲਜੀਤ ਦੋਸਾਂਝ ਅਤੇ ਨਾ ਹੀ ਫਿਲਮ ਦੇ ਨਿਰਮਾਤਾਵਾਂ ਨੇ ਅੱਤਵਾਦ ਨੂੰ ਜਾਇਜ਼ ਠਹਿਰਾਉਣ ਜਾਂ ਅੱਤਵਾਦ ਕਾਰਨ ਹੋਏ ਭਾਰੀ ਦੁੱਖ ਨੂੰ ਘਟ ਕਰਕੇ ਦਿਖਾਉਣ ਦੀ ਕੋਸ਼ਿਸ਼ ਕੀਤੀ ਹੈ, ਜਿਸ ਨੇ ਪੰਜਾਬ ਦੇ ਸਭ ਤੋਂ ਕਾਲੇ ਸਾਲਾਂ ਦੌਰਾਨ ਹਜ਼ਾਰਾਂ ਨਿਰਦੋਸ਼ ਨਾਗਰਿਕਾਂ, ਸੁਰੱਖਿਆ ਕਰਮਚਾਰੀਆਂ ਅਤੇ ਜਨਤਕ ਸੇਵਕਾਂ ਦੀਆਂ ਜਾਨਾਂ ਲਈਆਂ। ਡਾ. ਸਾਹਨੀ ਨੇ ਟਿੱਪਣੀ ਕੀਤੀ ਕਿ ਹਰ ਪੰਜਾਬੀ ਨੂੰ ਫਿਲਮ ਦੇਖਣ ਦਾ ਮੌਕਾ ਮਿਲਿਆ ਹੈ, ਪੁਰਾਣੇ ਜ਼ਖ਼ਮਾਂ ਨੂੰ ਦੁਬਾਰਾ ਖੋਲ੍ਹਣ ਜਾਂ ਅਤੀਤ ਨੂੰ ਤਾਜ਼ਾ ਕਰਨ ਦੀ ਬਜਾਏ ਬਹਿਸ ਨੂੰ ਵਿਰਾਮ ਦਿੱਤਾ ਜਾਣਾ ਚਾਹੀਦਾ ਹੈ। ਡਾ. ਸਾਹਨੀ ਨੇ ਕਿਹਾ ਆਓ ਆਪਾਂ ਆਪਣੇ ਇਤਿਹਾਸ ਦੇ ਇਨ੍ਹਾਂ ਕਾਲੇ ਅਧਿਆਵਾਂ ਤੋਂ ਸਿੱਖੀਏ ਤਾਂ ਜੋ ਨਿਆਂ ਨੂੰ ਮਜ਼ਬੂਤ ? ?ਕੀਤਾ ਜਾ ਸਕੇ ਅਤੇ ਸਮਾਜਿਕ ਸਦਭਾਵਨਾ ਨੂੰ ਸੁਰੱਖਿਅਤ ਰੱਖਿਆ ਜਾ ਸਕੇ, ਜੋ ਇੱਕ ਪ੍ਰਗਤੀਸ਼ੀਲ ਅਤੇ ਸ਼ਾਂਤੀਪੂਰਨ ਪੰਜਾਬ ਲਈ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਮਿਹਨਤ ਨਾਲ ਹਾਸਿਲ ਸ਼ਾਂਤੀ ਨੂੰ ਬੇਲੋੜੀਆਂ ਕਹਾਣੀਆਂ ਦੁਆਰਾ ਖ਼ਤਰੇ ਵਿੱਚ ਨਹੀਂ ਪਾਇਆ ਜਾਣਾ ਚਾਹੀਦਾ।

# ਦਿੱਲੀ ਗੁਰਦੁਆਰਾ ਕਮੇਟੀ ਚੋਣਾਂ ਰੋਕਣ ਦੀ ਨਵੀਂ ਚਾਲ.? ਸਰਕਾਰ ਦੀ ਟਾਲਮਟੋਲ 'ਤੇ ਸਿੱਖ ਜਗਤ 'ਚ ਰੋਸ, ਹਾਈ ਕੋਰਟ ਨੇ ਮੰਗਿਆ ਜਵਾਬ

### 30 ਸਤੰਬਰ ਦੀ ਸਮਾਂ-ਸੀਮਾ ਖ਼ਤਰੇ 'ਚ; ਚੋਣਾਂ ਟਾਲਣ ਦੀ ਅਰਜ਼ੀ 'ਤੇ ਨੋਟਿਸ, ਗੁਰਦੁਆਰਾ ਚੋਣ ਡਾਇਰੈਕਟਰ ਤਲਬ, ਅਗਲੀ ਸੁਣਵਾਈ 12 ਅਗਸਤ ਨੂੰ

ਨਵੀਂ ਦਿੱਲੀ 13 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):– ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀਆਂ ਆਮ ਚੋਣਾਂ ਨੂੰ ਲੈ ਕੇ ਚੱਲ ਰਹੇ ਵਿਵਾਦ ਨੇ ਇੱਕ ਹੋਰ ਅਹਿਮ ਮੋੜ ਲੈ ਲਿਆ ਹੈ। ਦਿੱਲੀ ਹਾਈ ਕੋਰਟ ਵਿੱਚ ਹੋਈ ਤਾਜ਼ਾ ਸੁਣਵਾਈ ਦੌਰਾਨ ਦਿੱਲੀ ਸਰਕਾਰ ਵੱਲੋਂ ਚੋਣਾਂ ਮੁਲਤਵੀ ਕਰਨ ਲਈ ਦਾਇਰ ਅਰਜ਼ੀ 'ਤੇ ਅਦਾਲਤ ਨੇ ਨੋਟਿਸ ਜਾਰੀ ਕਰ ਦਿੱਤਾ। ਇਸ ਨਾਲ 30 ਸਤੰਬਰ ਤੱਕ ਚੋਣਾਂ ਕਰਵਾਉਣ ਦੀ ਸੰਭਾਵਨਾ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਸੁਣਵਾਈ ਦੌਰਾਨ ਦਿੱਲੀ ਸਰਕਾਰ ਵੱਲੋਂ ਐਡੀਸ਼ਨਲ ਸੋਲਿਸਟਰ ਜਨਰਲ ਪੇਸ਼ ਹੋਏ, ਜਿਨ੍ਹਾਂ ਨੇ ਅਦਾਲਤ ਨੂੰ ਦੱਸਿਆ ਕਿ ਚੋਣਾਂ ਕਰਵਾਉਣ ਲਈ ਲੋੜੀਂਦਾ ਸਟਾਫ਼ ਉਪਲਬਧ ਨਹੀਂ ਹੈ। ਇਸ ਦਲੀਲ ਤੋਂ ਬਾਅਦ ਅਦਾਲਤ ਨੇ ਗੁਰਦੁਆਰਾ ਚੋਣ ਡਾਇਰੈਕਟਰ ਨੂੰ ਤਲਬ ਕਰਦਿਆਂ ਮਾਮਲੇ ਦੀ ਅਗਲੀ ਸੁਣਵਾਈ 12 ਅਗਸਤ ਲਈ ਨਿਰਧਾਰਤ ਕਰ ਦਿੱਤੀ। ਦੂਜੇ ਪਾਸੇ, ਇਸ ਮਾਮਲੇ ਨੇ ਸਿੱਖ ਸਿਆਸੀ ਅਤੇ ਧਾਰਮਿਕ ਹਲਕਿਆਂ ਵਿੱਚ ਤਿੱਖੀ ਪ੍ਰਤੀਕਿਰਿਆ ਪੈਦਾ ਕਰ ਦਿੱਤੀ ਹੈ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਪਾਰਟੀ ਦੇ ਬੁਲਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਸਮੇਤ ਕਈ ਸਿੱਖ ਆਗੂਆਂ ਅਤੇ ਪੰਥਕ ਜਥੇਬੰਦੀਆਂ ਨੇ ਦੋਸ਼ ਲਾਇਆ ਹੈ ਕਿ ਪ੍ਰਸ਼ਾਸਨਿਕ ਬਹਾਨਿਆਂ ਦੀ ਆੜ ਹੇਠ ਦਿੱਲੀ ਗੁਰਦੁਆਰਾ ਕਮੇਟੀ ਚੋਣਾਂ ਨੂੰ ਵਾਰ-ਵਾਰ ਟਾਲਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਕਮੇਟੀ ਦਾ ਕਾਰਜਕਾਲ ਕਾਫ਼ੀ ਪਹਿਲਾਂ ਸਮਾਪਤ ਹੋ ਚੁੱਕਾ ਹੈ ਅਤੇ ਚੋਣਾਂ ਵਿੱਚ ਲਗਾਤਾਰ ਦੇਰੀ ਸਿੱਖ ਸੰਗਤ ਦੇ ਜਮਹੂਰੀ ਹੱਕਾਂ ਨੂੰ ਕਮਜ਼ੋਰ ਕਰਦੀ ਹੈ। ਆਗੂਆਂ ਨੇ ਮੰਗ ਕੀਤੀ ਹੈ ਕਿ ਜੇਕਰ ਹੋਰ ਚੋਣਾਂ ਅਤੇ ਸਰਕਾਰੀ ਪ੍ਰਕਿਰਿਆਵਾਂ ਲਈ ਸਟਾਫ਼ ਦਾ ਪ੍ਰਬੰਧ ਕੀਤਾ ਜਾ ਸਕਦਾ ਹੈ ਤਾਂ ਦਿੱਲੀ ਗੁਰਦੁਆਰਾ ਕਮੇਟੀ ਚੋਣਾਂ ਲਈ ਇਹ ਦਲੀਲ ਕਿਉਂ ਦਿੱਤੀ ਜਾ ਰਹੀ ਹੈ। ਉਨ੍ਹਾਂ ਨੇ ਅਦਾਲਤ ਤੋਂ ਅਪੀਲ ਕੀਤੀ ਹੈ ਕਿ ਪਹਿਲਾਂ ਦਿੱਤੇ ਹੁਕਮਾਂ ਨੂੰ ਸਖ਼ਤੀ ਨਾਲ ਲਾਗੂ ਕਰਵਾਇਆ ਜਾਵੇ ਅਤੇ ਚੋਣਾਂ ਨੂੰ ਹੋਰ ਲਟਕਾਉਣ ਦੀ ਕਿਸੇ ਵੀ ਕੋਸ਼ਿਸ਼ ਨੂੰ ਰੋਕਿਆ ਜਾਵੇ। ਹੁਣ ਸਾਰਿਆਂ ਦੀਆਂ ਨਜ਼ਰਾਂ 12 ਅਗਸਤ ਦੀ ਸੁਣਵਾਈ 'ਤੇ ਟਿਕੀਆਂ ਹੋਈਆਂ ਹਨ, ਜਦੋਂ ਦਿੱਲੀ ਹਾਈ ਕੋਰਟ ਇਹ ਤੈਅ ਕਰੇਗੀ ਕਿ ਚੋਣਾਂ ਨੂੰ ਹੋਰ ਸਮਾਂ ਦਿੱਤਾ ਜਾਵੇ ਜਾਂ ਪਹਿਲਾਂ ਨਿਰਧਾਰਤ ਸਮਾਂ-ਸੀਮਾ ਅਨੁਸਾਰ ਚੋਣ ਪ੍ਰਕਿਰਿਆ ਨੂੰ ਅੱਗੇ ਵਧਾਇਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਅਮਰੀਕਾ ਵਾਂਗੂੰ ਪਾਕਿ ਵੀ ਪੰਜਵੜ ਦੇ ਕਾਤਲਾਂ ਨੂੰ ਬੇਨਕਾਬ ਕਰੇ - ਯੂਨਾਈਟਿਡ ਖਾਲਸਾ ਦਲ ਯੂ.ਕੇ.

### ਪਾਕਿਸਤਾਨ ਸਰਕਾਰ ਤੋਂ ਜਾਂਚ ਜਨਤਕ ਨਾ ਕਰਨ ਕਾਰਨ ਖਾਲਿਸਤਾਨ ਜਥੇਬੰਦੀਆਂ ਵਿੱਚ ਨਿਰਾਸ਼ਾ ਅਤੇ ਰੋਸ



ਲੰਡਨ, 13 ਜੁਲਾਈ (ਸਰਬਜੀਤ ਸਿੰਘ ਬਨੂੜ)– ਯੂਨਾਈਟਿਡ ਖਾਲਸਾ ਦਲ ਯੂ.ਕੇ. ਨੇ ਪਾਕਿਸਤਾਨ ਸਰਕਾਰ ਨੂੰ ਭਾਈ ਪਰਮਜੀਤ ਸਿੰਘ ਪੰਜਵੜ ਦੇ ਕਤਲ ਮਾਮਲੇ ਵਿੱਚ ਹਮਲਾਵਰਾਂ ਅਤੇ ਉਨ੍ਹਾਂ ਦੇ ਸਾਜ਼ਿਸ਼ਕਾਰਾਂ ਨੂੰ ਬੇਨਕਾਬ ਕਰਕੇ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ। ਜਥੇਬੰਦੀ ਦੇ ਪ੍ਰਧਾਨ ਭਾਈ ਨਿਰਮਲ ਸਿੰਘ ਸੰਧੂ ਅਤੇ ਜਨਰਲ ਸਕੱਤਰ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਕਿਹਾ ਕਿ ਭਾਈ ਪਰਮਜੀਤ ਸਿੰਘ ਪੰਜਵੜ ਦੇ ਕਤਲ ਨੂੰ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਪਾਕਿਸਤਾਨ ਸਰਕਾਰ ਵੱਲੋਂ ਅਜੇ ਤੱਕ ਇਸ ਮਾਮਲੇ ਦੀ ਜਾਂਚ ਦੇ ਨਤੀਜੇ ਜਨਤਕ ਨਹੀਂ ਕੀਤੇ ਗਏ, ਜਿਸ ਕਾਰਨ ਸਿੱਖ ਭਾਈਚਾਰੇ ਵਿੱਚ ਨਿਰਾਸ਼ਾ ਅਤੇ ਰੋਸ ਪਾਇਆ ਜਾ ਰਿਹਾ ਹੈ। ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਨੂੰ ਭੇਜੇ ਪੱਤਰ ਵਿੱਚ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਕਿਹਾ ਕਿ ਭਾਈ ਪਰਮਜੀਤ ਸਿੰਘ ਪੰਜਵੜ ਕੋਈ ਆਮ ਵਿਅਕਤੀ ਨਹੀਂ ਸਨ, ਸਗੋਂ ਸਿੱਖ ਕੌਮ ਨਾਲ ਜੁੜੀ ਇੱਕ ਪ੍ਰਮੁੱਖ ਸ਼ਖ਼ਸੀਅਤ ਸਨ, ਜੋ ਲਗਭਗ 28 ਸਾਲਾਂ ਤੋਂ ਲਾਹੌਰ ਵਿੱਚ ਰਹਿ ਰਹੇ ਸਨ। ਉਨ੍ਹਾਂ ਕਿਹਾ ਕਿ 6 ਮਈ 2023 ਨੂੰ ਲਾਹੌਰ ਦੇ ਇੱਕ ਪਾਰਕ ਵਿੱਚ ਸੈਰ ਦੌਰਾਨ ਉਨ੍ਹਾਂ ਨੂੰ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ ਅਤੇ ਇਸ ਮਾਮਲੇ ਦੀ ਪੂਰੀ ਸੱਚਾਈ ਸਾਹਮਣੇ ਲਿਆਂਦੀ ਜਾਣੀ ਚਾਹੀਦੀ ਹੈ। ਇਹ ਦਾਅਵਾ ਕੀਤਾ ਜਾਂਦਾ ਰਿਹਾ ਹੈ ਕਿ ਇਸ ਕਤਲ ਪਿੱਛੇ ਭਾਰਤੀ ਏਜੰਸੀਆਂ ਦੀ ਭੂਮਿਕਾ ਹੋ ਸਕਦੀ ਹੈ, ਪਰ ਇਸ ਸਬੰਧੀ ਪਾਕਿਸਤਾਨ ਸਰਕਾਰ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਨਤੀਜਾ ਜਨਤਕ ਨਹੀਂ ਕੀਤਾ ਗਿਆ। ਜਥੇਬੰਦੀ ਨੇ ਮੰਗ ਕੀਤੀ ਕਿ ਜਾਂਚ ਪੂਰੀ ਕਰਕੇ ਸਾਰੇ ਤੱਥ ਦੁਨੀਆ ਸਾਹਮਣੇ ਰੱਖੇ ਜਾਣ। ਇਸੇ ਦੌਰਾਨ ਯੂਨਾਈਟਿਡ ਖਾਲਸਾ ਦਲ ਯੂ.ਕੇ. ਨੇ ਅਮਰੀਕਾ ਸਰਕਾਰ ਦੀ ਸ਼ਲਾਘਾ ਕਰਦਿਆਂ ਧੰਨਵਾਦ ਪ੍ਰਗਟ ਕੀਤਾ। ਜਥੇਬੰਦੀ ਨੇ ਕਿਹਾ ਕਿ ਅਮਰੀਕੀ ਜਾਂਚ ਏਜੰਸੀਆਂ ਵੱਲੋਂ ਸਿੱਖ ਕਾਰਕੁਨਾਂ ਨੂੰ ਧਮਕਾਉਣ, ਕਥਿਤ ਤੌਰ 'ਤੇ ਨਿਸ਼ਾਨਾ ਬਣਾਉਣ ਦੀਆਂ ਸਾਜ਼ਿਸ਼ਾਂ ਅਤੇ ਫਿਰੌਤੀ ਮੰਗਣ ਵਾਲੇ ਗਿਰੋਹਾਂ ਖ਼ਿਲਾਫ਼ ਕੀਤੀ ਗਈ ਕਾਰਵਾਈ ਕਾਨੂੰਨ ਦੇ ਰਾਜ ਨੂੰ ਮਜ਼ਬੂਤ ਕਰਨ ਵਾਲਾ ਕਦਮ ਹੈ। ਯੂਨਾਈਟਿਡ ਖਾਲਸਾ ਦਲ ਯੂ.ਕੇ. ਨੇ ਕਿਹਾ ਕਿ ਉਹ ਆਪਣੇ ਸਿਆਸੀ ਉਦੇਸ਼ਾਂ ਲਈ ਸ਼ਾਂਤੀਪੂਰਨ ਅਤੇ ਲੋਕਤੰਤਰੀ ਢੰਗ ਨਾਲ ਆਵਾਜ਼ ਉਠਾਉਣ ਦੇ ਹੱਕ ਦਾ ਸਮਰਥਨ ਕਰਦੇ ਹਨ ਅਤੇ ਆਪਣੇ ਵਿਚਾਰਾਂ ਅਨੁਸਾਰ ਸੰਘਰਸ਼ ਜਾਰੀ ਰੱਖਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਐਸਐਫਜੇ ਵੱਲੋਂ ਭਾਈ ਜਸਵੰਤ ਸਿੰਘ ਖਾਲੜਾ ਨੂੰ ਅਕਾਲ ਤਖ਼ਤ ਸਾਹਿਬ ਤੋਂ "ਕੌਮੀ ਸ਼ਹੀਦ" ਐਲਾਨਣ ਦੀ ਮੰਗ

### 6 ਸਤੰਬਰ ਨੂੰ 31ਵੇਂ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 10 ਲੱਖ ਦੇ ਵੱਡੇ ਇਕੱਠ ਦਾ ਸੱਦਾ



ਲੰਡਨ/ਨਿਊਯਾਰਕ, 13 ਜੁਲਾਈ (ਸਰਬਜੀਤ ਸਿੰਘ ਬਨੂੜ)– ਸਿੱਖਸ ਫਾਰ ਜਸਟਿਸ ਨੇ ਭਾਈ ਜਸਵੰਤ ਸਿੰਘ ਖਾਲੜਾ ਦੇ 6 ਸਤੰਬਰ ਨੂੰ 31ਵੇਂ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 10 ਲੱਖ ਦੇ ਵੱਡੇ ਇਕੱਠ ਦਾ ਸੱਦਾ ਦਿੰਦਿਆਂ ਭਾਈ ਖਾਲੜਾ ਨੂੰ "ਕੌਮੀ ਸ਼ਹੀਦ" ਦਾ ਦਰਜਾ ਦੇਣ ਦੀ ਮੰਗ ਕੀਤੀ ਗਈ ਤੇ ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਸੰਬੋਧਤ ਇੱਕ ਆਨਲਾਈਨ ਪਟੀਸ਼ਨ ਮੁਹਿੰਮ ਸ਼ੁਰੂ ਕੀਤੀ ਗਈ ਹੈ। ਸਿੱਖਸ ਫਾਰ ਜਸਟਿਸ ਨੇ ਕਿਹਾ ਦੁਨੀਆ ਭਰ ਦੇ ਸਿੱਖ ਇਸ ਪਟੀਸ਼ਨ ਰਾਹੀਂ ਆਪਣੀ ਰਾਏ ਈਮੇਲ ਦੇ ਜ਼ਰੀਏ ਅਕਾਲ ਤਖ਼ਤ ਸਾਹਿਬ ਤੱਕ ਭੇਜ ਸਕਦੇ ਹਨ। ਐਸਐਫਜੇ ਦੇ ਅਟਾਰਨੀ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ "ਭਾਰਤ ਸਰਕਾਰ ਨੇ ਖ਼ਾਲਿਸਤਾਨ ਸੰਘਰਸ਼ ਨੂੰ ਖਤਮ ਕਰਨ ਲਈ ਪੰਜਾਬ ਨੂੰ ਯੋਜਨਾਬੱਧ ਤਰੀਕੇ ਨਾਲ ਕਤਲਗਾਹਾਂ ਵਿੱਚ ਤਬਦੀਲ ਕਰ ਦਿੱਤਾ ਸੀ। ਲਗਾਤਾਰ ਰਾਸ਼ਟਰਪਤੀ ਸ਼ਾਸਨ ਲਾਗੂ ਕਰਕੇ, ਪੰਜਾਬ ਨੂੰ 'ਡਿਸਟਰਬਡ ਏਰੀਆ' ਘੋਸ਼ਿਤ ਕਰਕੇ, Armed Forces Special Powers Act ਨੂੰ ਹਥਿਆਰ ਵਜੋਂ ਵਰਤਕੇ ਅਤੇ TADA ਦੇ ਬੇਲਗਾਮ ਅਧਿਕਾਰਾਂ ਨੂੰ ਖੁੱਲ੍ਹਾ ਛੱਡਕੇ, ਨਵੀਂ ਦਿੱਲੀ ਨੇ ਖ਼ਾਲਿਸਤਾਨ ਪੱਖੀਆਂ, ਉਨ੍ਹਾਂ ਦੇ ਪਰਿਵਾਰਾਂ ਅਤੇ ਸਮਰਥਕਾਂ ਨੂੰ ਖਤਮ ਕਰਨ ਦੀ ਨੀਤੀ ਅਪਣਾਈ ਸੀ ਤੇ ਬਾਹਰਲੇ ਸੂਬਿਆਂ ਵਿੱਚੋਂ ਬਟਾਲੀਅਨਾਂ ਬੁਲਾਈਆਂ ਗਈਆਂ, ਜੋ ਦਿੱਲੀ ਸਰਕਾਰ ਦੇ ਸਿੱਧੇ ਹੁਕਮਾਂ ਹੇਠ ਪੂਰੀ ਕਾਨੂੰਨੀ ਛੂਟ ਨਾਲ ਕੰਮ ਕਰ ਰਹੀਆਂ ਸਨ। ਉਸ ਦੌਰਾਨ ਪੰਜਾਬ ਵਿੱਚ ਸੁਰੱਖਿਆ ਕਾਰਵਾਈਆਂ ਰਾਹੀਂ ਵਿਆਪਕ ਮਨੁੱਖੀ ਅਧਿਕਾਰ ਉਲੰਘਣਾਵਾਂ ਹੋਈਆਂ। ਜਥੇਬੰਦੀ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ 1983 ਤੋਂ 1995 ਦੇ ਸਮੇਂ ਦੌਰਾਨ ਪੰਜਾਬ ਵਿੱਚ ਲਾਗੂ ਕੀਤੀਆਂ ਗਈਆਂ ਵੱਖ-ਵੱਖ ਕਾਨੂੰਨੀ ਅਤੇ ਸੁਰੱਖਿਆ ਵਿਵਸਥਾਵਾਂ ਦੇ ਸੰਦਰਭ ਵਿੱਚ ਭਾਈ ਜਸਵੰਤ ਸਿੰਘ ਖਾਲੜਾ ਨੇ ਅਣਪਛਾਤੀ ਲਾਸ਼ਾਂ ਕਹਿ ਸਸਕਾਰਾਂ ਅਤੇ ਲਾਪਤਾ ਵਿਅਕਤੀਆਂ ਨਾਲ ਸਬੰਧਤ ਰਿਕਾਰਡ ਇਕੱਠਾ ਕੀਤਾ ਸੀ। ਭਾਈ ਜਸਵੰਤ ਸਿੰਘ ਖਾਲੜਾ ਨੇ ਇਨ੍ਹਾਂ ਮਾਮਲਿਆਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਉਠਾਇਆ ਸੀ ਤੇ ਵਿਦੇਸ਼ੀ ਸਰਕਾਰਾਂ ਵੱਲੋਂ ਭਾਈ ਖਾਲੜਾ ਵੱਲੋਂ ਕੀਤੇ ਜਾ ਰਹੇ ਕੰਮ ਬਦਲੇ ਉਸ ਨੂੰ ਜਾਨ ਦਾ ਖ਼ਤਰਾ ਹੋਣ ਤੇ ਰਾਜਸੀ ਸ਼ਰਨ ਲੈਣ ਦੀਆਂ ਸਲਾਹਾਂ ਦਿੱਤੀਆਂ ਗਈਆਂ ਸਨ ਪਰ ਭਾਈ ਖਾਲੜਾ ਨੇ ਅਜਿਹਾ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਜ਼ਿਕਰਯੋਗ ਹੈ ਕਿ ਭਾਈ ਜਸਵੰਤ ਸਿੰਘ ਖਾਲੜਾ ਦੇ ਅਗਵਾ ਅਤੇ ਹੱਤਿਆ ਮਾਮਲੇ ਵਿੱਚ ਅਦਾਲਤੀ ਕਾਰਵਾਈ ਵਿੱਚ ਕੁਝ ਪੁਲਸ ਅਧਿਕਾਰੀਆਂ ਨੂੰ ਦੋਸ਼ੀ ਕਰਾਰ ਦਿੱਤਾ ਗਿਆ ਸੀ ਤੇ ਕੁਝ ਅਦਾਲਤੀ ਸਜ਼ਾ ਹੋਣ ਉਪਰੰਤ ਗਾਇਬ ਹੋ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

# ਬੀਬੀ ਪਰਮਜੀਤ ਕੌਰ ਖਾਲੜਾ ਵੱਲੋਂ ਅਪੀਲ ਤੇ ਸੰਦੇਸ਼





**ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕਿ ਫਤਿਹ।।**

ਪੰਜਾਬ 14 ਜੁਲਾਈ 2026 ਦਿਨ ਮੰਗਲਵਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੇ ਸੱਦੇ 'ਤੇ ਹਰੀਕੇ ਪੱਤਣ (ਜਿੱਥੇ ਲਾਵਾਰਿਸ ਕਰਕੇ ਰੋੜ੍ਹੀਆਂ ਲਾਸ਼ਾਂ) ਵਿਖੇ ਅਰਦਾਸ ਸਮਾਗਮ ਵਿਚ ਇਕੱਠੇ ਹੋਣ ਦੀ ਤਿਆਰੀ ਕਰ ਰਿਹਾ ਹੈ। ਮੈਂ ਪੰਜਾਬ, ਸਮੁੱਚੇ ਸਿੱਖ ਪੰਥ ਅਤੇ ਦੁਨੀਆਂ ਭਰ ਦੇ ਲੋਕ, ਜੋ ਮਨੁੱਖੀ ਹੱਕਾਂ 'ਤੇ ਨਿਆਂ ਵਿਚ ਵਿਸ਼ਵਾਸ ਰੱਖਦੇ ਹਨ, ਸੱਚ ਨੂੰ ਲੱਭਣ ਲਈ ਇੱਕ ਜੁੱਟ ਹੋ ਕੇ ਹੰਭਲਾ ਮਾਰਨ ਦਾ ਤਰਲਾ ਕਰਦੀ ਹਾਂ। ਜੂਨ 1984 ਦੇ ਸ੍ਰੀ ਦਰਬਾਰ ਸਾਹਿਬ ਉੱਤੇ ਫੌਜੀ ਹਮਲੇ, ਨਵੰਬਰ 1984 ਦੇ ਸਿੱਖ ਕਤਲੇਆਮ ਅਤੇ ਉਸ ਤੋਂ ਬਾਅਦ ਦੇ ਸਾਲਾਂ ਦੌਰਾਨ ਲਾਵਾਰਿਸ ਲਾਸ਼ਾਂ, ਤਸ਼ੱਦਦ ਅਤੇ ਹਜ਼ਾਰਾਂ ਝੂਠੇ ਪੁਲਿਸ ਮੁਕਾਬਲੇ ਅੱਜ ਵੀ ਜਵਾਬਦੇਹੀ ਅਤੇ ਇਨਸਾਫ਼ ਦੀ ਮੰਗ ਕਰਦੇ ਹਨ। ਕਾਂਗਰਸ ਸਰਕਾਰ ਦੇ ਦੌਰਾਨ ਹੋਏ ਇਸ ਕਤਲੇਆਮ ਅਤੇ ਮਨੁੱਖੀ ਹੱਕਾਂ ਦੇ ਘਾਣ ਨੂੰ ਬਾਅਦ ਵਿਚ ਆਈਆਂ ਸਰਕਾਰਾਂ ਨੇ ਵੀ ਹੱਕ ਇਨਸਾਫ਼ ਦਿਵਾਉਣ ਵਿੱਚ ਕੋਈ ਰੋਲ ਨਹੀਂ ਨਿਭਾਇਆ। ਅਕਾਲੀ ਦਲ ਦੀ ਅਗਵਾਈ ਵਾਲੀਆਂ ਸਰਕਾਰਾਂ ਨੇ ਦੋਸ਼ੀ ਪੁਲਿਸ ਅਫਸਰਾਂ ਨੂੰ ਵੀ.ਆਈ.ਪੀ ਸਹੂਲਤਾਂ, ਕਾਨੂੰਨੀ ਮਦਦ, ਉੱਚੇ ਅਹੁਦੇ ਬਖਸ਼ੇ। ਸੁਮੇਧ ਸੈਣੀ, ਇਜ਼ਹਾਰ ਆਲਮ, ਦਰਬਾਰਾ ਗੁਰੂ, ਉਮਰਾਨੰਗਲ, ਮੋਹੰਮਦ ਮੁਸਤਫਾ ਆਦਿ ਨੂੰ ਸ਼ਰੇਆਮ ਅਹੁਦੇ ਬਖਸ਼ੇ, ਜਦਕਿ ਪੀੜਤ ਪਰਿਵਾਰਾਂ ਨੂੰ ਹਾਸ਼ੀਏ ਤੋਂ ਧੱਕਿਆ ਗਿਆ, ਤੰਗ-ਪਰੇਸ਼ਾਨ ਕੀਤਾ ਗਿਆ ਅਤੇ ਕਾਨੂੰਨੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੀ ਇਸੇ ਰਾਹ 'ਤੇ ਚੱਲਦਿਆਂ ਦੋਸ਼ੀ ਕਰਾਰ ਦਿੱਤੇ ਗਏ ਪੁਲਿਸ ਮੁਲਾਜ਼ਮਾਂ ਨੂੰ ਕਾਨੂੰਨ ਦੇ ਕਟਹਿਰੇ ਵਿਚ ਲਿਆਉਣ ਦੀ ਬਜਾਏ ਫਰਾਰ ਕਰਨ ਵਿਚ ਮਦਦ ਕੀਤੀ, ਜਿਨ੍ਹਾਂ ਵਿੱਚ ਸ. ਖਾਲੜਾ ਦੇ ਕਾਤਲ ਡੀ.ਐਸ.ਪੀ. ਜਸਪਾਲ ਸਿੰਘ, ਸਬ ਇੰਸਪੈਕਟਰ ਜਸਬੀਰ ਸਿੰਘ ਅਤੇ ਸਤਨਾਮ ਸਿੰਘ ਸ਼ਾਮਲ ਹਨ।

ਭਾਜਪਾ ਸਰਕਾਰ ਉੱਤੇ ਵੀ ਵਿਦੇਸ਼ੀ ਧਰਤੀ 'ਤੇ ਨਿਸ਼ਾਨਾ ਬਣਾ ਕੇ ਕੀਤੀਆਂ ਹੱਤਿਆਵਾਂ ਸਬੰਧੀ ਗੰਭੀਰ ਦੋਸ਼ ਐਫ.ਬੀ.ਆਈ ਸਾਬਤ ਕਰ ਰਹੀ ਹੈ। ਸਮੁੱਚਾ ਸਿੱਖ ਪੰਥ ਸ੍ਰੀ ਅਕਾਲ ਤਖ਼ਤ ਸਾਹਿਬ ਵੱਲ ਇਸ ਆਸ ਨਾਲ ਵੇਖਦਾ ਹੈ ਕਿ ਉਹ ਗੁਰੂ ਸਾਹਿਬਾਨ ਵੱਲੋਂ ਸਥਾਪਿਤ ਕੀਤੇ ਸਿਧਾਂਤ ਅਨੁਸਾਰ ਨਿਡਰਤਾ, ਨਿਰਪੱਖਤਾ 'ਤੇ ਚੱਲਦਿਆਂ ਅਗਵਾਈ ਦੇਣਗੇ।

## ਅਸੀਂ ਜਥੇਦਾਰ ਸਾਹਿਬ ਨੂੰ ਬੇਨਤੀ ਕਰਦੇ ਹਾਂ ਕਿ ?

1. ਪੰਜਾਬ ਵਿੱਚ 80 ਅਤੇ 90 ਦੇ ਦਹਾਕੇ ਦੌਰਾਨ ਲਾਪਤਾ ਕੀਤੇ ਗਏ ਲੋਕਾਂ, ਲਾਵਾਰਿਸ ਲਾਸ਼ਾਂ ਅਤੇ ਝੂਠੇ ਪੁਲਸ ਮੁਕਾਬਲਿਆਂ ਵਿਚ ਮਾਰੇ ਗਏ ਲੋਕਾਂ ਦੀ ਅਸਲ ਗਿਣਤੀ ਸਾਹਮਣੇ ਲਿਆਉਣ ਲਈ ਇੱਕ ਲੋਕ ਕਮਿਸ਼ਨ ਦਾ ਗਠਨ ਕੀਤਾ ਜਾਵੇ।

2. ਉਹਨਾਂ ਅਣਪਛਾਤੀਆਂ ਲਾਸ਼ਾਂ ਨੂੰ, ਜਿਨ੍ਹਾਂ ਦੀ ਪਛਾਣ ਸਰਦਾਰ ਖਾਲੜਾ ਨੇ ਆਪਣੀ ਸ਼ਹਾਦਤ ਨਾਲ ਕੀਤੀ, ਕੇਂਦਰੀ ਸਿੱਖ ਅਜਾਇਬ ਘਰ ਵਿੱਚ ਉਨ੍ਹਾਂ ਦਾ ਬਣਦਾ ਸਥਾਨ ਦਿੱਤਾ ਜਾਵੇ, ਜਿਨ੍ਹਾਂ ਦੀਆਂ ਉਹ ਹੱਕਦਾਰ ਹਨ।

3. ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੀੜ੍ਹਤ ਪਰਿਵਾਰਾਂ ਦੀ ਮਾਲੀ ਮਦਦ ਕਰੇ।

ਕੋਈ ਵੀ ਰਾਜਨੀਤਿਕ ਪਾਰਟੀ ਜਾਂ ਵਿਅਕਤੀ ਜਵਾਬਦੇਹੀ ਅਤੇ ਕਾਨੂੰਨ ਤੋਂ ਉੱਪਰ ਨਹੀਂ ਹੋਣਾ ਚਾਹੀਦਾ। ਜਿਨ੍ਹਾਂ ਨੇ ਨਿਰਦੋਸ਼ਾਂ ਦਾ ਕਤਲੇਆਮ ਕੀਤਾ, ਇਨਸਾਫ਼ ਦੇਣ ਤੋਂ ਮੁਨਕਰ ਹੋਏ, ਸਿੱਖ ਨਸਲਕੁਸ਼ੀ ਦੇ ਸੱਚ ਨੂੰ ਲੁਕਾਇਆ ਜਾਂ ਮਨੁੱਖੀ ਹੱਕਾਂ ਦੀ ਉਲੰਘਣਾ ਦਾ ਸਮਰਥਨ ਕੀਤਾ, ਉਹਨਾਂ ਨੂੰ ਲੋਕਾਂ ਦੀ ਕਚਹਿਰੀ ਵਿਚ ਜਵਾਬਦੇਹ ਠਹਿਰਾਇਆ ਜਾਵੇ, ਉਹਨਾਂ ਦੇ ਸਾਰੇ ਸਰਕਾਰੀ ਸਨਮਾਨ ਵਾਪਿਸ ਕਰਵਾਏ ਜਾਣ ਅਤੇ ਸਮਾਜਿਕ ਬਾਈਕਾਟ ਕੀਤਾ ਜਾਵੇ।

ਸਾਡੇ ਇਸ ਤੀਜੇ ਘੱਲੂਘਾਰੇ ਨੂੰ ਸਿਆਸੀ ਰੋਟੀਆਂ ਸੇਕਣ ਲਈ ਨਾ ਵਰਤਿਆ ਜਾਵੇ ਬਲਕਿ ਸਾਰੇ ਨਿਜ਼ਾਮ ਤੋਂ ਜਵਾਬਦੇਹੀ ਮੰਗੀ ਜਾਵੇ - ਇਹੋ ਹੀ ਲਾਵਾਰਿਸ ਲਾਸ਼ਾਂ ਅਤੇ ਸਰਦਾਰ ਜਸਵੰਤ ਸਿੰਘ ਖਾਲੜਾ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

ਧੰਨਵਾਦ ਸਹਿਤ,

**ਪਰਮਜੀਤ ਕੌਰ ਖਾਲੜਾ**
**13 ਜੁਲਾਈ 2026**